ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 12 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੩੦ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪ੍ਰਧਾਨ ਮੋਦੀ ਨੂੰ ਮਿਲਣ ਤੋਂ ਪਹਿਲਾਂ ਮੰਤਰੀਆਂ ਨੂੰ ਵੀ ਕਰਵਾਉਣਾ ਪਵੇਗਾ ਟੈਸਟ, ਕੋਰੋਨਾ ਦੇ ਵੱਧਦੇ ਮਾਮਲਿਆਂ ਨੂੰ ਲੈ ਕੇ ਲਿਆ ਫੈਸਲਾ

**ਨਵੀਂ ਦਿੱਲੀ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਦੇਸ਼ ਭਰ ਵਿੱਚ ਕੋਵਿਡ ਦੇ ਮਾਮਲੇ ਲਗਾਤਾਰ ਵੱਧ ਰਹੇ ਹਨ। ਇਸ ਦੌਰਾਨ ਇੱਕ ਵੱਡਾ ਫੈਸਲਾ ਲਿਆ ਗਿਆ ਹੈ। ਇਸ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲਣ ਤੋਂ ਪਹਿਲਾਂ ਮੰਤਰੀਆਂ ਲਈ RT-PCR (ਕੋਵਿਡ ਟੈਸਟ) ਲਾਜ਼ਮੀ ਕਰ ਦਿੱਤਾ ਗਿਆ ਹੈ। ਸੂਤਰਾਂ ਅਨੁਸਾਰ ਇਹ ਫੈਸਲਾ ਸਾਵਧਾਨੀ ਅਤੇ ਸੁਰੱਖਿਆ ਦੇ ਤਹਿਤ ਲਿਆ ਗਿਆ ਹੈ ਤਾਂ ਜੋ ਕਿਸੇ ਵੀ ਸੰਭਾਵਿਤ ਇਨਫੈਕਸ਼ਨ ਤੋਂ ਬਚਿਆ ਜਾ ਸਕੇ। ਦਰਅਸਲ, ਤੁਹਾਨੂੰ ਦੱਸ ਦੇਈਏ ਕਿ ਕੱਲ੍ਹ ਸ਼ਾਮ ਵਿਦੇਸ਼ ਤੋਂ ਵਾਪਸ ਪਰਤੇ ਇੱਕ ਵਫ਼ਦ ਨੇ ਪ੍ਰਧਾਨ ਮੰਤਰੀ ਮੋਦੀ ਨਾਲ ਉਨ੍ਹਾਂ ਦੇ ਸਰਕਾਰੀ ਨਿਵਾਸ, 7 ਲੋਕ ਕਲਿਆਣ ਮਾਰਗ 'ਤੇ ਮੁਲਾਕਾਤ ਕੀਤੀ, ਇਸ ਲਈ ਵਫ਼ਦ ਦੇ ਮੈਂਬਰਾਂ ਲਈ ਕੋਵਿਡ-19 ਟੈਸਟ ਵੀ ਲਾਜ਼ਮੀ ਕਰ ਦਿੱਤਾ ਗਿਆ ਸੀ। ਇਹ ਕਦਮ ਸੁਰੱਖਿਆ ਪ੍ਰੋਟੋਕੋਲ ਦੇ ਤਹਿਤ ਚੁੱਕਿਆ ਗਿਆ ਸੀ। ਜਾਣਕਾਰੀ ਅਨੁਸਾਰ ਦਿੱਲੀ ਵਿੱਚ ਭਾਜਪਾ ਦੇ ਸਾਰੇ ਵਿਧਾਇਕ, ਸੰਸਦ ਮੈਂਬਰ ਅਤੇ ਮੁੱਖ ਅਧਿਕਾਰੀ ਅੱਜ ਇੱਕ ਮਹੱਤਵਪੂਰਨ ਮੀਟਿੰਗ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕਰ ਸਕਦੇ ਹਨ। ਦੱਸਿਆ ਜਾ ਰਿਹਾ ਹੈ ਕਿ ਇਸ ਮੀਟਿੰਗ ਵਿੱਚ ਹਿੱਸਾ ਲੈਣ ਵਾਲੇ ਸਾਰੇ ਲੋਕਾਂ ਨੂੰ ਕੋਵਿਡ-19 ਲਈ ਟੈਸਟ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ ਤੋਂ ਪਹਿਲਾਂ ਸਾਰਿਆਂ ਨੂੰ ਕੋਰੋਨਾ ਦੀ ਰਿਪੋਰਟ ਜਮ੍ਹਾਂ ਕਰਾਉਣੀ ਪਵੇਗੀ। ਦੱਸ ਦੇਈਏ ਕਿ ਦੇਸ਼ ਭਰ ਵਿੱਚ ਕੋਵਿਡ ਦੇ ਮਾਮਲੇ ਲਗਾਤਾਰ ਵੱਧ ਰਹੇ ਹਨ। ਸਰਗਰਮ ਮਾਮਲਿਆਂ ਦੀ ਗਿਣਤੀ 7121 ਤੱਕ ਪਹੁੰਚ ਗਈ ਹੈ।

## ਰਾਜਾ ਰਘੂਵੰਸ਼ੀ ਕਤਲਕਾਂਡ 'ਚ ਵੱਡਾ ਖੁਲਾਸਾ

# ਸੋਨਮ ਨੇ ਕਾਤਲਾਂ ਨਾਲ ਮਿਲ ਕੇ ਖੁਦ ਖੱਡ 'ਚ ਸੁੱਟੀ ਸੀ ਲਾਸ਼!



**ਮੇਘਾਲਿਆ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਰਾਜਾ ਰਘੂਵੰਸ਼ੀ ਕਤਲ ਕੇਸ ਵਿੱਚ ਸਭ ਤੋਂ ਵੱਡਾ ਅਤੇ ਹੈਰਾਨ ਕਰਨ ਵਾਲਾ ਖੁਲਾਸਾ ਹੋਇਆ ਹੈ। ਸ਼ਿਲਾਂਗ ਦੇ ਡੀਆਈਜੀ ਡੇਵਿਸ ਐਨਆਰ ਮਾਰਕ ਨੇ ਇਸ ਕੇਸ ਨਾਲ ਜੁੜੇ ਮਹੱਤਵਪੂਰਨ ਤੱਥਾਂ ਦਾ ਖੁਲਾਸਾ ਕੀਤਾ ਹੈ। ਡੀਆਈਜੀ ਦੇ ਅਨੁਸਾਰ, ਨਾ ਸਿਰਫ ਤਿੰਨ ਕੰਟਰੈਕਟ ਕਿਲਰਾਂ ਨੇ ਬਲਕਿ ਸੋਨਮ ਰਘੂਵੰਸ਼ੀ ਨੇ ਖੁਦ ਰਾਜਾ ਦੀ ਲਾਸ਼ ਚੁੱਕ ਕੇ ਖੱਡ ਵਿੱਚ ਸੁੱਟ ਦਿੱਤੀ ਸੀ। ਇਹ ਸਭ ਇੱਕ ਯੋਜਨਾਬੱਧ ਸਾਜ਼ਿਸ਼ ਦੇ ਹਿੱਸੇ ਵਜੋਂ ਹੋਇਆ। ਪੁਲਸ ਜਾਂਚ ਤੋਂ ਪਤਾ ਲੱਗਾ ਹੈ ਕਿ ਅਪਰਾਧ ਵਾਲੇ ਦਿਨ, ਤਿੰਨੋਂ ਕੰਟਰੈਕਟ ਕਿਲਰ ਦੋ ਸਕੂਟਰਾਂ 'ਤੇ ਆਏ ਸਨ। ਕਤਲ ਤੋਂ ਬਾਅਦ ਦੋ ਕਾਤਲ ਇੱਕ ਸਕੂਟਰ 'ਤੇ ਬੈਠੇ ਸਨ ਅਤੇ ਸੋਨਮ ਅਤੇ ਇੱਕ ਕਾਤਲ ਦੂਜੇ ਸਕੂਟਰ 'ਤੇ। ਸਾਰੇ ਅਪਰਾਧ ਵਾਲੀ ਥਾਂ ਤੋਂ 10 ਕਿਲੋਮੀਟਰ ਦੂਰ ਚਲੇ ਗਏ। ਇਸਦਾ ਮਤਲਬ ਹੈ ਕਿ ਕਤਲ ਤੋਂ ਬਾਅਦ ਵੀ ਸੋਨਮ ਪੂਰੀ ਤਰ੍ਹਾਂ ਇਨ੍ਹਾਂ ਕਾਤਲਾਂ ਦੇ ਨਾਲ ਸੀ ਅਤੇ ਰਾਜਾ ਦੀ ਲਾਸ਼ ਨੂੰ ਲੁਕਾਉਣ ਵਿੱਚ ਸ਼ਾਮਲ ਸੀ। ਡੀਆਈਜੀ ਨੇ ਕਿਹਾ ਕਿ ਸੋਨਮ ਅਤੇ ਉਸਦੇ ਪ੍ਰੇਮੀ ਰਾਜ ਕੁਸ਼ਵਾਹਾ ਨੇ ਆਪਣਾ ਅਪਰਾਧ ਕਬੂਲ ਕਰ ਲਿਆ ਹੈ ਪਰ ਜਦੋਂ ਇਹ ਸਵਾਲ ਆਇਆ ਕਿ ਇਸ ਕਤਲ ਦਾ ਮਾਸਟਰਮਾਈਂਡ ਕੌਣ ਹੈ ਤਾਂ ਦੋਵਾਂ ਨੇ ਇੱਕ ਦੂਜੇ 'ਤੇ ਦੋਸ਼ ਲਗਾਉਣੇ ਸ਼ੁਰੂ ਕਰ ਦਿੱਤੇ। ਇਹ ਦੋਸ਼ ਦੀ ਖੇਡ ਹੁਣ ਪੁਲਸ ਜਾਂਚ ਲਈ ਇੱਕ ਨਵੀਂ ਚੁਣੌਤੀ ਬਣ ਗਈ ਹੈ। ਡੀਆਈਜੀ ਡੇਵਿਸ ਐੱਨ ਆਰ ਮਾਰਕ ਦੇ ਕੈਮਰੇ 'ਤੇ ਦਿੱਤੇ ਬਿਆਨ ਨੇ ਇਸ ਮਾਮਲੇ ਨੂੰ ਇੱਕ ਨਵਾਂ ਮੋੜ ਦੇ ਦਿੱਤਾ ਹੈ। ਹੁਣ ਸਵਾਲ ਇਹ ਹੈ ਕਿ ਕੀ ਸੋਨਮ ਇਸ ਕਤਲ ਦੀ ਮਾਸਟਰਮਾਈਂਡ ਸੀ ਜਾਂ ਰਾਜ ਕੁਸ਼ਵਾਹਾ ਨੇ ਸਭ ਕੁਝ ਯੋਜਨਾਬੱਧ ਕੀਤਾ ਸੀ?

## ਡਾ. ਅੰਬੇਡਕਰ ਦੇ ਬੁੱਤਾਂ ਨੂੰ ਨਿਸ਼ਾਨਾ ਬਣਾਏ ਜਾਣ 'ਤੇ ਭੜਕੇ ਸੁਖਬੀਰ ਬਾਦਲ, ਭਗਵੰਤ ਮਾਨ ਸਰਕਾਰ ਨੂੰ ਘੇਰਿਆ



**ਚੰਡੀਗੜ੍ਹ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਪੱਖੀ ਲੀਡਰ ਗੁਰਪਤਵੰਤ ਸਿੰਘ ਪੰਨੂ ਵੱਲੋਂ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤਾਂ ਨੂੰ ਨਿਸ਼ਾਨਾ ਬਣਾਏ ਜਾਣ ਉਪਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਖੂਬ ਭੜਕੇ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਘੇਰਿਆ ਹੈ। ਸੁਖਬੀਰ ਬਾਦਲ ਨੇ ਕਿਹਾ ਹੈ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਲਗਾਤਾਰ ਹੋ ਰਹੀ ਬੇਅਦਬੀ ਸੂਬੇ ਅੰਦਰ ਕਾਨੂੰਨ ਵਿਵਸਥਾ ਦੇ ਬੁਰੀ ਤਰ੍ਹਾਂ ਫੇਲ੍ਹ ਹੋ ਜਾਣ ਦਾ ਪ੍ਰਤੱਖ ਸਬੂਤ ਹੈ। ਉਨ੍ਹਾਂ ਨੇ ਕਿਹਾ ਕਿ ਨੂਰਪੁਰ ਜੱਟਾਂ ਵਾਲੀ ਘਟਨਾ ਪਿਛਲੇ ਕੁਝ ਮਹੀਨਿਆਂ ਵਿੱਚ ਬਾਬਾ ਸਾਹਿਬ ਨੂੰ ਨਿਸ਼ਾਨਾ ਬਣਾਕੇ ਕੀਤੀਆਂ ਗਈਆਂ ਬੇਅਦਬੀਆਂ ਦੀ ਪੰਜਵੀਂ ਘਟਨਾ ਹੈ। ਇਸ ਤੋਂ ਪਹਿਲਾਂ ਸ੍ਰੀ ਅੰਮ੍ਰਿਤਸਰ ਸਾਹਿਬ (26 ਜਨਵਰੀ), ਫਿਲੌਰ (31 ਮਾਰਚ ਤੇ 1 ਜੂਨ) ਤੇ ਬਟਾਲਾ (2 ਅਪ੍ਰੈਲ) ਵਿੱਚ ਅਜਿਹੀਆਂ ਬੇਅਦਬੀ ਦੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ। ਸੁਖਬੀਰ ਬਾਦਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿਚਲੀ ਡੂੰਘੀ ਭਾਈਚਾਰਕ ਸਾਂਝ ਤੇ ਧਾਰਮਿਕ ਸਦਭਾਵਨਾ ਨੂੰ ਤਬਾਹ ਕਰਕੇ ਰੱਖ ਦਿੱਤਾ ਹੈ। ਇਨ੍ਹਾਂ ਦੇ ਆਗੂ ਤੇ ਮੰਤਰੀ ਭ੍ਰਿਸ਼ਟਾਚਾਰ ਤੇ ਰਿਸ਼ਵਤਖ਼ੋਰੀ ਦੇ ਹੜ੍ਹ 'ਚ ਡੁੱਬੇ ਹੋਏ ਹਨ ਤੇ ਉਨ੍ਹਾਂ ਕੋਲ ਪੰਜਾਬ ਦੀ ਭਾਈਚਾਰਕ ਸਾਂਝ ਤੇ ਅਮਨ-ਸ਼ਾਂਤੀ ਨੂੰ ਦਰਪੇਸ਼ ਗੰਭੀਰ ਚੁਣੌਤੀਆਂ ਨਾਲ ਨਜਿੱਠਣ ਦੀ ਵਿਹਲ ਹੀ ਨਹੀਂ ਹੈ। ਉਨ੍ਹਾਂ ਨੇ ਕਿਹਾ ਕਿ 2017 ਤੋਂ ਲਗਾਤਾਰ ਪੰਜਾਬ ਹਰ ਪੱਖੋਂ ਨਿਘਾਰ ਵੱਲ ਜਾ ਰਿਹਾ ਹੈ। ਜੰਗਲ ਰਾਜ ਬਣ ਚੁੱਕੀ ਸੂਬੇ ਦੀ ਵਿਵਸਥਾ ਵਿੱਚ ਮੌਜੂਦਾ ਆਪ ਸਰਕਾਰ ਦੀ ਨਾ ਤਾਂ ਕੋਈ ਇੱਛਾ ਹੈ ਤੇ ਨਾ ਹੀ ਇਨ੍ਹਾਂ ਕੋਲ ਐਨੀ ਸਮਰੱਥਾ ਹੈ ਕਿ ਇਹ ਅਪਰਾਧੀਆਂ ਖਿਲਾਫ਼ ਕੋਈ ਕਾਰਵਾਈ ਕਰ ਸਕਣ। ਇਹ ਸਰਕਾਰ ਹੁਣ ਆਪਣਾ ਰਾਜ ਕਰਨ ਦਾ ਨੈਤਿਕ ਤੇ ਰਾਜਨੀਤਕ ਹੱਕ ਗਵਾ ਚੁੱਕੀ ਹੈ, ਜੋ ਇੱਕ ਵੀ ਦਿਨ ਲਈ ਹੋਰ ਦਫ਼ਤਰ ਵਿੱਚ ਰਹਿਣ ਦੀ ਹੱਕਦਾਰ ਨਹੀਂ ਹੈ।

## ਨੂੰਹ 'ਤੇ ਆਟੇ ਵਿੱਚ ਜ਼ਹਿਰ ਮਿਲਾ ਕੇ ਸਹੁਰੇ ਪਰਿਵਾਰ ਨੂੰ ਮਾਰਨ ਦੇ ਲੱਗੇ ਕਥਿਤ ਆਰੋਪ, 5 ਮਹੀਨੇ ਪਹਿਲਾਂ ਹੋਇਆ ਸੀ ਵਿਆਹ



**ਗਿੱਦੜਬਾਹਾ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਗਿੱਦੜਬਾਹਾ ਦੇ ਨੇੜਲੇ ਪਿੰਡ ਗੁਰੂਸਰ ਵਿਚ ਇਕ ਹੈਰਾਨ ਕਰ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ। ਪਿੰਡ ਗੁਰੂਸਰ ਦੇ ਸਵਰਾਜ ਸਿੰਘ ਦਾ ਪੰਜ ਮਹੀਨੇ ਪਹਿਲਾਂ ਵਿਆਹ ਹੋਇਆ ਸੀ। ਦੱਸਿਆ ਜਾ ਰਿਹਾ ਹੈ ਕਿ ਬੀਤੇ ਦਿਨ ਘਰ ਵਿੱਚ ਜਦੋਂ ਨੂੰਹ ਨੇ ਰੋਟੀਆਂ ਬਣਾਈਆਂ ਤਾਂ ਉਸ ਤੋਂ ਬਾਅਦ ਸਵਰਾਜ ਸਿੰਘ, ਉਸ ਦੀ ਮਾਤਾ ਤੇ ਪਿਤਾ ਦੀ ਹਾਲਤ ਵਿਗੜ ਗਈ। ਪਰਿਵਾਰਕ ਮੈਂਬਰਾਂ ਦੇ ਬਿਆਨਾਂ ਅਨੁਸਾਰ ਨੂੰਹ 'ਤੇ ਇਲਜ਼ਾਮ ਲਗਾਇਆ ਗਿਆ ਹੈ ਕਿ ਉਸ ਨੇ ਆਟੇ ਵਿੱਚ ਜਹਿਰੀਲੀ ਚੀਜ਼ ਮਿਲਾ ਦਿੱਤੀ ਅਤੇ ਤੰਦੂਰ 'ਤੇ ਰੋਟੀਆਂ ਬਣਾਕੇ ਪਰਿਵਾਰ ਨੂੰ ਖਵਾ ਦਿੱਤੀਆਂ। ਹਾਲਤ ਗੰਭੀਰ ਹੋਣ ਕਰਕੇ ਪਹਿਲਾਂ ਪਿੰਡ ਦੇ ਇੱਕ ਨਿੱਜੀ ਡਾਕਟਰ ਕੋਲ ਇਲਾਜ ਲਿਆ ਗਿਆ ਪਰ ਬਾਅਦ ਵਿੱਚ ਗਿੱਦੜਬਾਹਾ ਹਸਪਤਾਲ ਦਾਖਲ ਕਰਾਇਆ ਗਿਆ। ਸਵਰਾਜ ਸਿੰਘ ਦੀ ਹਾਲਤ ਵੱਧ ਗੰਭੀਰ ਹੋਣ ਕਾਰਨ ਬਠਿੰਡਾ ਰੈਫਰ ਕੀਤਾ ਗਿਆ ,ਜਿੱਥੇ ਉਸ ਦੀ ਮੌਤ ਹੋ ਗਈ। ਕੁਝ ਸਮੇਂ ਬਾਅਦ ਉਸ ਦੀ ਮਾਤਾ ਦੀ ਵੀ ਮੌਤ ਹੋ ਗਈ। ਸਵਰਾਜ ਸਿੰਘ ਦੇ ਪਿਤਾ ਹਾਲੇ ਵੀ ਹਸਪਤਾਲ ਵਿੱਚ ਦਾਖਲ ਹਨ, ਜਦਕਿ ਨੂੰਹ ਨੂੰ ਵੀ ਜ਼ਹਿਰੀਲਾ ਪਦਾਰਥ ਖਾਣ ਕਾਰਨ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਪਰਿਵਾਰਕ ਮੈਂਬਰਾਂ ਨੇ ਨੂੰਹ 'ਤੇ ਇਲਜ਼ਾਮ ਲਗਾਇਆ ਹੈ ਕਿ ਇਹ ਪੂਰਾ ਕਾਂਡ ਪੂਰੈ ਇਰਾਦੇ ਨਾਲ ਕੀਤਾ ਗਿਆ। ਡੀਐਸਪੀ ਅਵਤਾਰ ਸਿੰਘ ਨੇ ਮੀਡੀਆ ਨੂੰ ਦੱਸਿਆ ਕਿ ਨੂੰਹ ਦੇ ਠੀਕ ਹੋਣ 'ਤੇ ਉਸ ਤੋਂ ਪੁੱਛਗਿੱਛ ਕੀਤੀ ਜਾਵੇਗੀ। ਪੁਲਿਸ ਨੇ ਪਰਿਵਾਰਕ ਬਿਆਨਾਂ ਦੇ ਆਧਾਰ 'ਤੇ ਨੂੰਹ 'ਤੇ ਅਤੇ ਹੋਰਾਂ 'ਤੇ ਪਰਚਾ ਦਰਜ ਕਰ ਲਿਆ ਹੈ ਅਤੇ ਜਾਂਚ ਚੱਲ ਰਹੀ ਹੈ। ਸਵਰਾਜ ਸਿੰਘ ਦੇ ਪਿਤਾ ਹਾਲੇ ਵੀ ਹਸਪਤਾਲ ਵਿੱਚ ਦਾਖਲ ਹਨ, ਜਦਕਿ ਨੂੰਹ ਨੂੰ ਵੀ ਜਹਿਰੀਲਾ ਪਦਾਰਥ ਖਾਣ ਕਾਰਨ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਪਰਿਵਾਰਕ ਮੈਂਬਰਾਂ ਨੇ ਨੂੰਹ 'ਤੇ ਇਲਜ਼ਾਮ ਲਗਾਇਆ ਹੈ ਕਿ ਇਹ ਪੂਰਾ ਕਾਂਡ ਪੂਰੈ ਇਰਾਦੇ ਨਾਲ ਕੀਤਾ ਗਿਆ।

## ਗੈਂਗਸਟਰ ਗੋਲਡੀ ਬਰਾੜ ਨੇ ਦੱਸਿਆ ਸਿੱਧੂ ਮੂਸੇਵਾਲਾ ਦਾ ਕਤਲ ਕਿਉਂ ਕਰਵਾਇਆ?





**ਚੰਡੀਗੜ੍ਹ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲਕਾਂਡ ਦੇ 3 ਸਾਲ ਬੀਤ ਚੁੱਕੇ ਹਨ, ਪਰ ਹਾਲੇ ਤੱਕ ਵੀ ਪਰਿਵਾਰ ਇਨਸਾਫ਼ ਲਈ ਲੜਾਈ ਲੜ ਰਿਹਾ ਹੈ। ਮੂਸੇਵਾਲਾ ਦੀ ਮੌਤ ਦੇ ਮਾਮਲੇ ਵਿੱਚ ਭਾਵੇਂ ਪੰਜਾਬ ਪੁਲਿਸ ਨੇ ਕਈ ਗੈਂਗਸਟਰਾਂ ਤੇ ਸ਼ੂਟਰਾਂ ਨੂੰ ਫੜਿਆ, ਪਰ ਮੁੱਖ ਮੁਲਜ਼ਮ ਗੈਂਗਸਟਰ ਗੋਲਡੀ ਬਰਾੜ ਅਜੇ ਵੀ ਫਰਾਰ ਹੈ, ਜਿਸ ਦੇ ਟਿਕਾਣੇ ਦਾ ਵੀ ਨਹੀਂ ਪਤਾ ਚੱਲਿਆ ਹੈ। ਦੱਸ ਦਈਏ ਕਿ ਗੋਲਡੀ ਬਰਾੜ ਨੇ ਕਤਲ ਦੇ ਕੁੱਝ ਘੰਟਿਆਂ ਬਾਅਦ ਹੀ ਕਥਿਤ ਫੇਸਬੁੱਕ ਪੋਸਟ ਰਾਹੀਂ ਕਤਲ ਦੀ ਜ਼ਿੰਮੇਵਾਰੀ ਲਈ ਸੀ। ਹਾਲਾਂਕਿ ਕਤਲ ਦੇ ਪਿੱਛੇ ਦਾ ਮਕਸਦ ਅਜੇ ਵੀ ਸਪੱਸ਼ਟ ਨਹੀਂ ਹੋ ਸਕਿਆ। ਹੁਣ ਬੀਬੀਸੀ ਵੱਲੋਂ ਗੋਲਡੀ ਬਰਾੜ ਨਾਲ ਜਦੋਂ ਸੰਪਰਕ ਹੋਇਆ ਤਾਂ ਉਸ ਨੇ ਖੁਲਾਸਾ ਕੀਤਾ ਕਿ ਆਖਿਰ ਸਿੱਧੂ ਮੂਸੇਵਾਲਾ ਦਾ ਕਤਲ ਕਿਉਂ ਕਰਵਾਇਆ ਗਿਆ। ਉਸ ਨੇ ਦਾਅਵਾ ਕਰਦਿਆਂ ਕਿਹਾ, "ਆਪਣੇ ਹੰਕਾਰ ਵਿੱਚ, ਉਸਨੇ (ਮੂਸੇਵਾਲਾ) ਕੁਝ ਨਾ ਮਾਫ਼ ਕਰਨ ਯੋਗ ਗਲਤੀਆਂ ਕੀਤੀਆਂ, ਜਿਸ ਕਾਰਨ ਸਾਡੇ ਕੋਲ ਉਸਨੂੰ (ਮੂਸੇਵਾਲਾ) ਮਾਰਨ ਤੋਂ ਇਲਾਵਾ ਕੋਈ ਚਾਰਾ ਨਹੀਂ ਸੀ। ਉਸਨੂੰ ਆਪਣੇ ਕੰਮਾਂ ਦੇ ਨਤੀਜੇ ਭੁਗਤਣੇ ਪਏ। ਜਾਂ ਤਾਂ ਉਹ ਹੁੰਦਾ ਜਾਂ ਅਸੀਂ। ਇਹ ਸਿਰਫ ਇੰਨੀ ਹੀ ਸਾਧਾਰਨ ਗੱਲ ਹੈ।"

ਪੰਜਾਬ ਸਰਕਾਰ ਵੱਲੋਂ ਸੁਰੱਖਿਆ ਘੇਰੇ ਵਿੱਚ ਕਟੌਤੀ ਕਰਨ ਤੋਂ ਇੱਕ ਦਿਨ ਬਾਅਦ 29 ਮਈ ਨੂੰ ਪੰਜਾਬ ਦੇ ਮਾਨਸਾ ਜ਼ਿਲ੍ਹੇ ਦੇ ਪਿੰਡ ਜਵਾਹਰਕੇ ਵਿੱਚ ਅਣਪਛਾਤੇ ਹਮਲਾਵਰਾਂ ਵੱਲੋਂ ਮੂਸੇਵਾਲਾ ਦੀ ਗੋਲੀਆਂ ਮਾਰ ਹੱਤਿਆ ਕਰ ਦਿੱਤੀ ਗਈ ਸੀ। ਕੈਨੇਡਾ ਸਥਿਤ ਗੈਂਗਸਟਰ ਗੋਲਡੀ ਬਰਾੜ ਨੇ ਐਤਵਾਰ ਸ਼ਾਮ ਨੂੰ ਇੱਕ ਫੇਸਬੁੱਕ ਪੋਸਟ ਵਿੱਚ ਪੰਜਾਬੀ ਗਾਇਕ ਦੇ ਕਤਲ ਦੀ ਜ਼ਿੰਮੇਵਾਰੀ ਲਈ ਸੀ। ਬਰਾੜ ਗੈਂਗ ਲੀਡਰ ਲਾਰੈਂਸ ਬਿਸ਼ਨੋਈ ਦਾ ਕਰੀਬੀ ਸਹਿਯੋਗੀ ਹੈ, ਜੋ ਗਾਇਕ ਦੇ ਕਤਲ ਵਿੱਚ ਵੀ ਸ਼ਾਮਲ ਦੱਸਿਆ ਜਾਂਦਾ ਹੈ। ਬਰਾੜ ਉਰਫ ਸਤਿੰਦਰ ਸਿੰਘ ਕਈ ਅਪਰਾਧਿਕ ਮਾਮਲਿਆਂ ਵਿਚ ਸ਼ਾਮਲ ਹੈ। ਗੈਂਗਸਟਰ ਗੋਲਡੀ ਬਰਾੜ ਖਿਲਾਫ ਕੇਂਦਰ ਸਰਕਾਰ ਨੇ ਵੱਡੀ ਕਾਰਵਾਈ ਕਰਦੇ ਹੋਏ ਉਸ ਨੂੰ ਯੂ.ਏ.ਪੀ.ਏ. ਤਹਿਤ ਅੱਤਵਾਦੀ ਐਲਾਨ ਦਿੱਤਾ ਸੀ। ਗੋਲਡੀ ਬਰਾੜ ਨੂੰ ਸਿੱਧੂ ਮੂਸੇਵਾਲਾ ਕਤਲ ਕਾਂਡ ਦਾ ਮਾਸਟਰਮਾਈਂਡ ਅਤੇ ਲਾਰੈਂਸ ਬਿਸ਼ਨੋਈ ਗੈਂਗ ਦਾ ਸੱਜਾ ਹੱਥ ਮੰਨਿਆ ਜਾਂਦਾ ਹੈ। ਉਸ ਦੇ ਬੱਬਰ ਖਾਲਸਾ ਇੰਟਰਨੈਸ਼ਨਲ ਨਾਲ ਸਬੰਧ ਵੀ ਦੱਸੇ ਗਏ ਸਨ। ਗੈਂਗਸਟਰ ਗੋਲਡੀ ਬਰਾੜ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਕਾਂਡ 'ਚ ਮੁੱਖ ਦੋਸ਼ੀ ਹੈ। ਦੱਸ ਦਈਏ ਕਿ ਮੂਸੇਵਾਲਾ ਦੇ ਕਤਲ ਸਮੇਂ ਜ਼ਿੰਮੇਵਾਰੀ ਲੈਂਦੇ ਹੋਏ ਬਰਾੜ ਨੇ ਇੱਕ ਫੇਸਬੁੱਕ ਪੋਸਟ ਵਿੱਚ ਕਿਹਾ ਸੀ, "ਸਿੱਧੂ ਮੂਸੇਵਾਲਾ ਦੇ ਕਤਲ ਪਿੱਛੇ ਸਚਿਨ ਬਿਸ਼ਨੋਈ ਧਤਾਰਾਂਵਾਲੀ, ਲਾਰੈਂਸ ਬਿਸ਼ਨੋਈ ਅਤੇ ਮੈਂ ਹਾਂ।" ਉਸਨੇ ਦਾਅਵਾ ਕੀਤਾ ਸੀ ਕਿ ਉਸ ਨੇ ਯੂਥ ਅਕਾਲੀ ਆਗੂ ਵਿੱਕੀ ਮਿੱਡੂਖੇੜਾ ਦੀ ਮੌਤ ਦਾ ਬਦਲਾ ਲੈਣ ਲਈ ਮੂਸੇਵਾਲਾ ਦੀ ਹੱਤਿਆ ਕੀਤੀ ਸੀ।

## ਪਠਾਨਕੋਟ ਦੇ ਖੇਤ 'ਚ ਮਿਲੀ ਬੰਬ ਵਰਗੀ ਸ਼ੱਕੀ ਵਸਤੂ, ਇਲਾਕੇ 'ਚ ਮੱਚਿਆ ਹੜਕੰਪ, ਭਾਰੀ ਫੋਰਸ ਤਾਇਨਾਤ, ਬੰਬ ਨਿਰੋਧਕ ਦਲ ਕਰ ਰਿਹਾ ਜਾਂਚ



**ਪਠਾਨਕੋਟ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਪਠਾਨਕੋਟ ਤੋਂ ਹੈਰਾਨ ਕਰਨ ਵਾਲੀ ਖਬਰ ਸਾਹਮਣੇ ਆਈ ਹੈ। ਜਿੱਥੇ ਮਲਿਕਪੁਰ ਪਿੰਡ ਵਿੱਚ ਮੰਗਲਵਾਰ ਨੂੰ ਇੱਕ ਖਾਲੀ ਪਲਾਟ 'ਚ ਬੰਬ ਵਰਗੀ ਸ਼ੱਕੀ ਵਸਤੂ ਮਿਲਣ ਕਾਰਨ ਇਲਾਕੇ 'ਚ ਦਹਿਸ਼ਤ ਦਾ ਮਾਹੌਲ ਬਣ ਗਿਆ। ਪਲਾਟ ਦੇ ਮਾਲਿਕ ਸੁਰਜੀਤ ਨੇ ਜਦੋਂ ਉਹ ਸਬਜ਼ੀਆਂ ਨੂੰ ਪਾਣੀ ਦੇ ਰਹੇ ਸਨ, ਤਾਂ ਉਨ੍ਹਾਂ ਦੀ ਨਜ਼ਰ ਇਸ ਵਸਤੂ 'ਤੇ ਪਈ। ਉਨ੍ਹਾਂ ਨੇ ਫੌਰਨ ਪੁਲਿਸ ਨੂੰ ਸੂਚਨਾ ਦਿੱਤੀ। ਪੁਲਿਸ ਮੌਕੇ 'ਤੇ ਪਹੁੰਚੀ ਅਤੇ ਇਲਾਕੇ ਨੂੰ ਘੇਰ ਕੇ ਸੁਰੱਖਿਅਤ ਕੀਤਾ ਗਿਆ। ਬੰਬ ਨਿਰੋਧਕ ਦਸਤੇ ਦੀ ਮਦਦ ਨਾਲ ਇਸ ਵਸਤੂ ਦੀ ਜਾਂਚ ਚਲ ਰਹੀ ਹੈ। ਇਲਾਕੇ 'ਚ ਵਾਧੂ ਸੁਰੱਖਿਆ ਫੋਰਸ ਵੀ ਤਾਇਨਾਤ ਕਰ ਦਿੱਤੀ ਗਈ ਹੈ। ਇਹ ਘਟਨਾ ਹਾਲ ਹੀ ਵਿੱਚ ਹੋਏ ਭਾਰਤ-ਪਾਕਿ ਤਣਾਅ ਦੇ ਬਾਅਦ ਸਾਹਮਣੇ ਆਈ ਹੈ। ਇਸ ਤੋਂ ਪਹਿਲਾਂ, ਪਾਕਿਸਤਾਨ ਵੱਲੋਂ ਕੀਤੇ ਗਏ ਡਰੋਨ ਹਮਲਿਆਂ ਦੀ ਕੋਸ਼ਿਸ਼ ਨੂੰ ਭਾਰਤੀ ਸੁਰੱਖਿਆ ਬਲਾਂ ਵੱਲੋਂ ਨਾਕਾਮ ਕਰ ਦਿੱਤਾ ਗਿਆ ਸੀ। ਕਈ ਥਾਵਾਂ 'ਤੇ ਇਨ੍ਹਾਂ ਹਮਲਿਆਂ ਵਿੱਚ ਵਰਤੇ ਗਏ ਬੰਬਾਂ ਦੇ ਅਵਸ਼ੇਸ਼ ਵੀ ਮਿਲੇ ਸਨ। ਪੁਲਿਸ ਵੱਲੋਂ ਲੋਕਾਂ ਨੂੰ ਅਫ਼ਵਾਹਾਂ ਤੋਂ ਬਚਣ ਦੀ ਅਪੀਲ ਕੀਤੀ ਗਈ ਹੈ। ਨਾਲ ਹੀ ਨਾਗਰਿਕਾਂ ਨੂੰ ਕਿਹਾ ਗਿਆ ਹੈ ਕਿ ਜੇਕਰ ਉਹ ਕਿਸੇ ਵੀ ਸ਼ੱਕੀ ਵਸਤੂ ਨੂੰ ਵੇਖਣ ਤਾਂ ਤੁਰੰਤ ਪ੍ਰਸ਼ਾਸਨ ਨੂੰ ਸੂਚਨਾ ਦੇਣ। ਇਲਾਕਾਈ ਲੋਕਾਂ 'ਚ ਇਸ ਘਟਨਾ ਨੂੰ ਲੈ ਕੇ ਚਿੰਤਾ ਦਾ ਮਾਹੌਲ ਬਣ ਗਿਆ ਹੈ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.
Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net

---

ਧਰਮੀ ਸਬਦ ਸਚੀ ਟਕਸਾਲ ॥ — ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**
**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

£1050

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

BOOK YOUR SEATS NOW

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
ਅੰਮ੍ਰਿਤ ਸੰਚਾਰ
AMRIT SANCHAR
SUNDAY 15TH JUN
AT 12:30PM
GURDWARA SRI GURU SINGH SABHA
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN
(BODY & HAIR WASH)
CONTACT 07940 270 120 FOR MORE DETAILS

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



**ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ**

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਇਕ ਓਂਕਾਰ ਸ੍ਰੀ ਅਕਾਲ ਸਹਾਇ

## ਪ੍ਰਣਾਮ ਸ਼ਹੀਦਾਂ ਨੂੰ

ਝੱਖੜ ਲੱਖ ਝੁੱਲੇ, ਇਨਕਲਾਬ ਆਵੇ, ਅਰਸ਼ ਅਰਸ਼ ਦੀ ਮਿੱਟੀ ਉਡਾਉਣ ਵਾਲ਼ਾ
ਸਾਡੇ ਸੋਹਣੇ ਸ਼ਹੀਦਾਂ ਦੀ ਰਾਖ ਉੱਤੇ ਕੋਈ ਨਹੀਂ ਜੰਮਿਆ ਧੂੜ ਵੀ ਪਾਉਣ ਵਾਲ਼ਾ

ਸ਼ਹੀਦ ਦੀ ਯਾਦ ਵਿੱਚ - ਸਤਿਕਾਰ ਸਹਿਤ

ਸਿੱਖ ਕੌਮ ਦੀ ਆਜ਼ਾਦੀ ਦੇ ਜੁਝਾਰੂ **ਅਮਰ ਸ਼ਹੀਦ ਭਾਈ ਰਛਪਾਲ ਸਿੰਘ ਛੰਦੜਾ** ਦੇ 33ਵੇਂ ਸ਼ਹੀਦੀ ਸਮਾਗਮ ਮਿਤੀ 12 ਜੂਨ 2025 ਦਿਨ ਵੀਰਵਾਰ ਨੂੰ ਪਿੰਡ ਛੰਦੜਾ, ਚੰਡੀਗੜ੍ਹ ਰੋਡ ਜਿਲਾ ਲੁਧਿਆਣਾ ਵਿਖੇ ਖਾਲਸਾ ਜੀ ਸ਼ਾਨ ਨਾਲ ਮਨਾਇਆ ਜਾ ਰਿਹਾ ਹੈ ਜੀ।

ਭਾਗ ਦੂਸਰਾ

# ਮਾਇਓਪੀਆ, ਹਾਈਪਰਮੇਟ੍ਰੋਪੀਆ ਅਤੇ ਪ੍ਰੈਸਬਾਇਓਪੀਆ ਨੂੰ ਸਮਝਣਾ: ਕਾਰਣ, ਲੱਛਣ ਅਤੇ ਇਲਾਜ



**ਹਾਈਪਰਮੇਟ੍ਰੋਪੀਆ (ਫਾਰਸਾਈਟਡਨੈਸ)**

**ਕਾਰਣ:**

ਹਾਈਪਰਮੇਟ੍ਰੋਪੀਆ ਉਸ ਵੇਲੇ ਹੁੰਦੀ ਹੈ ਜਦੋਂ ਅੱਖ ਦੀ ਪੁਤਲੀ ਛੋਟੀ ਹੋ ਜਾਂਦੀ ਹੈ ਜਾਂ ਕੋਰਨੀਆ ਬਹੁਤ ਚੌੜਾ ਹੁੰਦਾ ਹੈ, ਜਿਸ ਨਾਲ ਰੌਸ਼ਨੀ ਦੀਆਂ ਕਿਰਣਾਂ ਰੇਟਿਨਾ ਦੇ ਪਿੱਛੇ ਕੇਂਦਰਿਤ ਹੋਣ ਲੱਗ ਜਾਂਦੀਆਂ ਹਨ ਜਿਸ ਨਾਲ ਨੇੜੇ ਦੀਆਂ ਵਸਤੂਆਂ ਦੇਖਣ ਦੀ ਦ੍ਰਿਸ਼ਟੀ ਧੁੰਦਲੀ ਹੋ ਜਾਂਦੀ ਹੈ।। ਇਹ ਜੀਨਾਤਮਕ ਹੋ ਸਕਦੀ ਹੈ ਪਰ ਇਹ ਉਮਰ ਨਾਲ ਵੀ ਵਿਕਸਤ ਹੋ ਸਕਦੀ ਹੈ।ਨੌਜਵਾਨ ਵਿਅਕਤੀ ਹਲਕੀ ਹਾਈਪਰਮੇਟ੍ਰੋਪੀਆ ਨਾਲ ਗੁਜ਼ਾਰਾ ਕਰ ਸਕਦੇ ਹਨ, ਪਰ ਉਮਰ ਦੇ ਵਧਣ ਨਾਲ ਉਹਨਾਂ ਦੀ ਨੇੜੇ ਦੀਆਂ ਵਸਤੂਆਂ ਦੇਖਣ ਦੀ ਸਮਰੱਥਾ ਘੱਟ ਹੋ ਜਾਂਦੀ ਹੈ।

**ਲੱਛਣ :**

**ਨੇੜੇ ਦੀਆਂ ਵਸਤੂਆਂ ਲਈ ਦ੍ਰਿਸ਼ਟੀ ਦਾ ਧੁੰਦਲਾ ਹੋਣਾ**

ਪੜ੍ਹਨ ਜਾਂ ਸਿਲਾਈ ਕਰਨ ਵਰਗੇ ਕਾਰਜਾਂ 'ਤੇ ਧਿਆਨ ਕੇਂਦਰਿਤ ਕਰਨ ਵਿੱਚ ਮੁਸ਼ਿਕਲ

ਅੱਖਾਂ ਵਿੱਚ ਥਕਾਵਟ

ਲੰਬੇ ਸਮੇਂ ਤੱਕ ਅੱਖਾਂ ਦੀ ਵਰਤੋਂ ਤੋਂ ਬਾਅਦ ਸਿਰ ਦਰਦ

**ਇਲਾਜ**

**: ਹਾਈਪਰਮੇਟ੍ਰੋਪੀਆ ਦੇ ਇਲਾਜ ਦੇ ਵਿਕਲਪ ਸ਼ਾਮਿਲ ਹਨ:**

**ਐਨਕਾਂ:** ਉੱਤਲ ਕੰਵੈਕਸ ਲੈਂਸ ਦੀ ਪ੍ਰਿਸਕ੍ਰਿਪਸ਼ਨ ਦਿੱਤੀ ਜਾਂਦੀ ਹੈ ਜੋ ਰੌਸ਼ਨੀ ਨੂੰ ਸਿੱਧਾ ਰੇਟਿਨਾ 'ਤੇ ਕੇਂਦ੍ਰਿਤ ਕਰਨ ਵਿੱਚ ਮਦਦ ਕਰਦੇ ਹਨ।

**ਕਾਂਟੈਕਟ ਲੈਂਸ:** ਐਨਕਾਂ ਨਾਲ ਮਿਲਦੇ ਜੁਲਦੇ ਪਰ ਇਹ ਇੱਕ ਕੁਦਰਤੀ ਖੇਤਰ ਵਾਂਗ ਦ੍ਰਿਸ਼ਟੀ ਪ੍ਰਦਾਨ ਕਰਦੇ ਹਨ।

**ਰੀਫਰੈਕਟਿਵ ਸਰਜਰੀ:** LASIK ਜਾਂ ਹੋਰ ਸਰਜਰੀ ਵਿਕਲਪ ਉਹਨਾਂ ਲੋਕਾਂ ਲਈ ਵਿਚਾਰ ਕੀਤੇ ਜਾ ਸਕਦੇ ਹਨ ਜੋ ਯੋਗਤਾ ਰੱਖਦੇ ਹਨ।

**-ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ ਸ੍ਰੀ ਅੰਮ੍ਰਿਤਸਰ ਸਾਹਿਬ।**

## 100 ਦਿਨਾਂ 'ਚ 873 ਨਸ਼ਾ ਤਸਕਰ ਕੀਤੇ ਗ੍ਰਿਫਤਾਰ- ਐਸਐਸਪੀ

# 9 ਕਰੋੜ 71 ਲੱਖ ਰੁਪਏ ਦੀ ਪ੍ਰਾਪਟਰੀ ਕੀਤੀ ਫਰੀਜ਼



**ਬਠਿੰਡਾ/ਤਲਵੰਡੀ ਸਾਬੋ, 10 ਜੂਨ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ ਸਿਵਲ ਤੇ ਪੁਲਿਸ ਪ੍ਰਸ਼ਾਸ਼ਨ ਵਲੋਂ ਲਗਾਤਾਰ ਸਾਂਝੇ ਉਪਰਾਲੇ ਕਰਕੇ ਜਿਥੇ ਆਮ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ ਉਥੇ ਹੀ ਨਸ਼ਾ ਦਾ ਕਾਲਾ ਕਾਰੋਬਾਰ ਕਰਨ ਵਾਲਿਆਂ ਨੂੰ ਸਲਾਖਾ ਪਿੱਛੇ ਡੱਕਿਆਂ ਜਾ ਰਿਹਾ ਹੈ।ਇਸ ਲੜੀ ਦੇ ਤਹਿਤ 1 ਮਾਰਚ 2025 ਤੋਂ 8 ਜੂਨ 2025 (100 ਦਿਨਾਂ) 'ਚ 873 ਨਸ਼ਾ ਤਸਕਰ ਗ੍ਰਿਫਤਾਰ ਕੀਤੇ ਹਨ, ਜਿਨ੍ਹਾਂ ਕੋਲੋਂ ਵੱਖ-ਵੱਖ ਤਰ੍ਹਾਂ ਦੀਆਂ ਨਸ਼ੀਲੀਆਂ ਵਸਤਾਂ ਬਰਾਮਦ ਕੀਤੀਆਂ ਗਈਆਂ ਹਨ।ਐਸਐਸਪੀ ਮੈਡਮ ਅਮਨੀਤ ਕੌਂਡਲ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਨਸ਼ੇ ਦਾ ਕਾਲਾ ਕਾਰੋਬਾਰ ਕਰਨ ਵਾਲਿਆਂ ਕੋਲੋਂ 6.931 ਹੈਰੋਇਨ ਕਿਲੋਗ੍ਰਾਮ, ਸਮੈਕ 0.006, ਅਫੀਮ 13.670 ਕਿਲੋਗ੍ਰਾਮ, ਡੋਡੇ 873.050, ਨਸ਼ੀਲੀਆਂ ਗੋਲੀਆਂ/ਕੈਪਸੂਲ 72,545, ਸੀਰਪ 80, ਗਾਜਾਂ 12.021, ਨਾਰਕੋਟਿਕ ਪਾਊਡਰ 0.008 ਤੇ 12,59,500 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਤੋਂ ਇਲਾਵਾ ਸਾਲ 2023 ਤੋਂ ਲੈ ਕੇ ਹੁਣ ਤੱਕ ਨਸ਼ਾ ਤਸਕਰਾਂ ਵਲੋਂ ਨਸ਼ੇ ਦਾ ਧੰਦਾ ਕਰਕੇ ਬਣਾਈ ਗਈ 9,71,08,899 ਰੁਪਏ ਦੀ ਪ੍ਰਾਪਟਰੀ ਵੀ ਫਰੀਜ਼ ਕੀਤੀ ਗਈ ਹੈ। ਐਸਐਸਪੀ ਨੇ ਦੱਸਿਆ ਕਿ ਜਿਥੇ ਇੱਕ ਪਾਸੇ ਜ਼ਿਲ੍ਹਾ ਪੁਲਿਸ ਵੱਲੋਂ ਨਸ਼ਾ ਤਸਕਰਾਂ ਦੇ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ, ਉਥੇ ਹੀ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਮੋੜਨ ਲਈ ਜ਼ਿਲ੍ਹਾ ਪੁਲਿਸ ਵਲੋਂ ਲਗਾਤਾਰਾ ਉਪਰਾਲੇ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਪੁਲਿਸ ਵਲੋਂ ਪਿੰਡਾਂ/ਸ਼ਹਿਰਾਂ/ਕਸਬਿਆਂ ਵਿੱਚ ਜਾ ਕੇ ਜਾਗਰੂਕਤਾ ਕੈਂਪ ਲਗਾ ਕੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਐਸਐਸਪੀ ਮੈਡਮ ਅਮਨੀਤ ਕੌਂਡਲ ਨੇ ਸਖਤ ਸ਼ਬਦਾਂ ਵਿੱਚ ਕਿਹਾ ਕਿ ਨਸ਼ੇ ਵੇਚਣ ਵਾਲਿਆਂ ਲਈ ਇੱਕੋ ਥਾਂ ਜੇਲ੍ਹ ਹੈ। ਉਨ੍ਹਾਂ ਕਿਹਾ ਕਿ ਜੋ ਕੋਈ ਵੀ ਇਸ ਕਾਲੇ ਕਾਰੋਬਾਰ ਵਿੱਚ ਲੱਗਿਆ ਹੈ, ਉਸ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਉਨ੍ਹਾਂ ਦੇ ਇਲਾਕੇ ਵਿੱਚ ਕੋਈ ਨਸ਼ਾ ਤਸਕਰੀ ਵਿੱਚ ਸ਼ਾਮਿਲ ਹੈ ਤਾਂ ਉਸ ਦੀ ਸੂਚਨਾ ਪੁਲਿਸ ਨੂੰ ਦਿੱਤੀ ਜਾਵੇ। ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖਦੇ ਹੋਏ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਪਿਛਲੇ 17 ਸਾਲਾਂ ਤੋਂ ਸੱਠੀ ਮੂੰਗੀ ਦੀ ਫ਼ਸਲ ਬੀਜ ਕੇ ਆਪਣੀ

# ਆਮਦਨ 'ਚ ਵਾਧਾ ਕਰ ਰਿਹਾ ਹੈ ਕਿਸਾਨ ਨਿਰਮਲ ਸਿੰਘ



**ਤਲਵੰਡੀ ਸਾਬੋ, 11 ਜੂਨ (ਗੁਰਜੰਟ ਸਿੰਘ ਨਥੇਹਾ)**- ਬਲਾਕ ਤਲਵੰਡੀ ਸਾਬੋ ਦੇ ਪਿੰਡ ਗੋਲੇਵਾਲਾ ਦਾ ਕਿਸਾਨ ਨਿਰਮਲ ਸਿੰਘ ਕਣਕ ਦੀ ਕਟਾਈ ਕਰਨ ਤੋਂ ਬਾਅਦ ਸੱਠੀ ਮੂੰਗੀ ਬੀਜ ਕੇ ਆਪਣੀ ਆਮਦਨ 'ਚ ਮੁਨਾਫ਼ਾ ਕਰ ਰਿਹਾ ਹੈ। ਨਿਰਮਲ ਸਿੰਘ ਪਿਛਲੇ ਲਗਭਗ 17 ਸਾਲਾਂ ਤੋਂ ਮੂੰਗੀ ਦੀ ਕਾਸ਼ਤ ਕਰ ਰਿਹਾ ਹੈ। ਇਸ ਦੇ ਵਧੀਆ ਮੁਨਾਫ਼ੇ ਨੂੰ ਵੇਖਦੇ ਹੋਏ ਇਸ ਸਾਲ ਵੀ ਉਸ ਵਲੋਂ 11 ਏਕੜ ਮੂੰਗੀ ਦੀ ਫ਼ਸਲ ਬੀਜੀ ਹੈ। ਇਹ ਕਿਸਾਨ ਬਾਸਮਤੀ ਅਤੇ ਝੋਨੇ ਦੀ ਪਛੇਤੀ ਕਿਸਮ ਲਗਾਉਣ ਤੋਂ ਪਹਿਲਾਂ ਸੱਠੀ ਮੂੰਗੀ ਦੀ ਕਾਸ਼ਤ ਕਰਦਾ ਹੈ। ਇਸ ਨਾਲ ਜਿੱਥੇ ਇਕ ਵਾਧੂ ਫ਼ਸਲ ਰਾਹੀਂ ਇਸ ਨੂੰ ਵਾਧੂ ਆਮਦਨ ਹੁੰਦੀ ਹੈ ਉੱਥੇ ਹੀ ਮੂੰਗੀ ਦੀ ਫ਼ਸਲ ਆਪਣੀਆਂ ਜੜ੍ਹਾਂ ਦੇ ਕੁਦਰਤੀ ਗੁਣ ਕਾਰਨ ਜ਼ਮੀਨ ਵਿਚ ਨਾਈਟ੍ਰੋਜ਼ਨ ਫਿਕਸੇਸ਼ਨ ਰਾਹੀਂ ਜ਼ਮੀਨ ਵਿਚ ਨਾਈਟ੍ਰੋਜ਼ਨ ਖਾਦ ਦੀ ਮਾਤਰਾ ਵਧਾਉਂਦੀ ਹੈ। ਇਸ ਤਰ੍ਹਾਂ ਕਰਨ ਨਾਲ ਅਗਲੀ ਫ਼ਸਲ ਨੂੰ ਘੱਟ ਨਾਈਟ੍ਰੋਜ਼ਨ ਖਾਦ ਭਾਵ ਘੱਟ ਯੂਰੀਆ ਖਾਦ ਪਾਉਣ ਦੀ ਜ਼ਰੂਰਤ ਪੈਂਦੀ ਹੈ। ਇਸ ਨਾਲ ਘੱਟ ਲਾਗਤਾਂ ਨਾਲ ਜਿੱਥੇ ਕਿਸਾਨ ਚੰਗੀ ਫ਼ਸਲ ਪ੍ਰਾਪਤ ਕਰ ਸਕਦੇ ਹਨ, ਉੱਥੇ ਹੀ ਘੱਟ ਰਸਾਇਣਕ ਖਾਦਾਂ ਵਾਲੀ ਉਪਜ ਦਾ ਵੀ ਕਿਸਾਨ ਨੂੰ ਚੰਗਾ ਮੁੱਲ ਮਿਲ ਸਕਦਾ ਹੈ। ਉਦਮੀ ਕਿਸਾਨ ਨਿਰਮਲ ਸਿੰਘ ਦਾ ਕਹਿਣਾ ਹੈ ਕਿ ਉਸ ਵੱਲੋਂ ਦਾਲਾਂ ਨੂੰ ਫ਼ਸਲ ਚੱਕਰ ਦਾ ਹਿੱਸਾ ਬਣਾਉਣ ਨਾਲ ਉਸਦੀ ਜ਼ਮੀਨ ਦੀ ਸਿਹਤ ਵਿਚ ਸੁਧਾਰ ਹੋਇਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜਿਸ ਖੇਤ ਵਿਚ ਮੂੰਗੀ ਦੀ ਫ਼ਸਲ ਬੀਜੀ ਜਾਂਦੀ ਹੈ ਉਸ ਖੇਤ ਵਿਚ ਬਾਸਮਤੀ ਅਤੇ ਪਿਛੇਤੀ ਕਿਸਮ ਦਾ ਝੋਨਾ ਲਗਭਗ 20 ਜੁਲਾਈ ਤੋਂ ਬਾਅਦ ਹੀ ਲਗਾਇਆ ਜਾਂਦਾ ਹੈ। ਇਸ ਨਾਲ ਜਿੱਥੇ ਪਾਣੀ ਦੀ ਬੱਚਤ ਹੁੰਦੀ ਹੈ, ਉੱਥੇ ਬਿਜਲੀ ਦੀ ਵੀ ਖ਼ਪਤ ਘੱਟਦੀ ਹੈ ਅਤੇ ਇਹ ਝੋਨਾ ਪਰਮਲ ਝੋਨਾ ਜੋ ਕਿ ਜੂਨ ਮਹੀਨੇ ਲਗਾਇਆ ਜਾਂਦਾ ਹੈ ਦੇ ਬਰਾਬਰ ਸਮੇਂ ਵਿੱਚ ਹੀ ਪੱਕ ਕੇ ਤਿਆਰ ਹੋ ਜਾਂਦਾ ਹੈ। ਮਿਹਨਤਕਸ਼ ਕਿਸਾਨ ਨੇ ਦੱਸਿਆ ਕਿ ਸੱਠੀ ਮੂੰਗੀ ਹੇਠ ਰਕਬਾ ਵਧਾ ਕੇ ਉਸ ਨੂੰ ਹੋਰ ਉਪਜਾਊ ਬਣਾਉਣ ਦੇ ਉਪਰਾਲੇ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੱਠੀ ਮੂੰਗੀ 65 ਤੋਂ 70 ਦਿਨਾਂ ਤੱਕ ਦੀ ਫ਼ਸਲ ਹੈ, ਜਿਹੜੀ ਕਿ ਕਣਕ ਅਤੇ ਝੋਨੇ ਦੇ ਵਿਚਕਾਰਲੇ ਸਮੇਂ ਦੌਰਾਨ ਬੀਜੀ ਜਾਂਦੀ ਹੈ ਅਤੇ ਕਿਸਾਨਾਂ ਨੂੰ ਚੰਗਾ ਲਾਭ ਦਿੰਦੀ ਹੈ। ਇਸ ਕਿਸਮ ਦਾ ਔਸਤਨ ਝਾੜ 4 ਤੋਂ 5 ਕੁਇੰਟਲ ਤੱਕ ਪ੍ਰਤੀ ਏਕੜ ਹੈ। ਉਨ੍ਹਾਂ ਦੱਸਿਆ ਕਿ ਸੱਠੀ ਮੂੰਗੀ ਦਾ ਬੀਜ ਕਰੀਬ 10 ਕਿਲੋ ਪ੍ਰਤੀ ਏਕੜ ਦੇ ਹਿਸਾਬ ਨਾਲ ਪਾਇਆ ਜਾਂਦਾ ਹੈ। ਕਣਕ ਵੱਢਣ ਉਪਰੰਤ ਗਰਮੀ ਰੁੱਤ ਦੀ ਮੂੰਗੀ ਬਿਨਾ ਖੇਤ ਵਾਹੇ ਵੀ ਬੀਜੀ ਜਾ ਸਕਦੀ ਹੈ। ਜੇਕਰ ਖੇਤ ਵਿਚ ਕਣਕ ਦਾ ਨਾੜ ਨਹੀਂ ਹੈ ਤਾਂ ਮੂੰਗੀ ਜ਼ੀਰੋ-ਟਿਲ ਡਰਿੱਲ ਰਾਹੀਂ ਬੀਜੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਹ ਫਲੀਦਾਰ ਫ਼ਸਲ ਨਾ ਸਿਰਫ ਪੌਸ਼ਿਟਕ ਆਹਾਰ ਦਿੰਦੀ ਹੈ, ਬਲਕਿ ਮਿੱਟੀ 'ਚ ਨਾਈਟਰੋਜਨ ਦੀ ਮਾਤਰਾ ਨੂੰ ਵਧਾਕੇ ਆਉਣ ਵਾਲੀ ਝੋਨੇ ਦੀ ਫ਼ਸਲ ਲਈ ਤਿਆਰ ਕਰਦੀ ਹੈ।

**ਝੋਨੇ ਦੀ ਬਾਸਮਤੀ ਤੇ ਪਛੇਤੀ ਕਿਸਮ ਲਗਾ ਕੇ ਪਾਣੀ ਤੇ ਬਿਜਲੀ ਦੀ ਬੱਚਤ ਦਾ ਆਮ ਲੋਕਾਂ ਨੂੰ ਦੇ ਰਿਹਾ ਸੁਨੇਹਾ**

# 'ਆਪ' ਜ਼ਿਮਨੀ ਚੋਣ ਸ਼ਾਨ ਨਾਲ ਜਿੱਤੇਗੀ- ਮੰਤਰੀ ਈ.ਟੀ.ਓ.



ਚੌਕ ਮਹਿਤਾ, 11 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਮਾਨ ਸਰਕਾਰ ਵਲੋਂ ਪੰਜਾਬ ਦੇ ਲੋਕਾਂ ਨੂੰ ਜੋ ਸੁੱਖ ਸਹੂਲਤਾਂ ਦਿੱਤੀਆਂ ਹਨ, ਲੋਕ ਲੁਧਿਆਣਾ ਦੀ ਜ਼ਿਮਨੀ ਚੋਣ ਵਿਚ ਆਪ ਦੇ ਉਮੀਦਵਾਰ ਨੂੰ ਸ਼ਾਨ ਨਾਲ ਜਿਤਾਉਣਗੇ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਚੋਣ ਪ੍ਰਚਾਰ ਦੌਰਾਨ ਕੀਤਾ। ਇਸ ਸਮੇਂ ਉਨ੍ਹਾਂ ਨਾਲ ਸੀਨੀਅਰ 'ਆਪ' ਆਗੂ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਹਰੀਵਾਲ ਵੀ ਮੌਜੂਦ ਸਨ। ਜ਼ਿਕਰਯੋਗ ਹੈ ਕਿ ਪ੍ਰਧਾਨ ਔਜਲਾ ਡੇਹਰੀਵਾਲ ਪਿਛਲੇ ਦਿਨਾਂ ਤੋਂ ਸਾਥੀਆਂ ਸਮੇਤ ਚੋਣ ਪ੍ਰਚਾਰ ਲਈ ਲੁਧਿਆਣਾ ਪਹੁੰਚੇ ਹੋਏ ਹਨ। ਇਸ ਸਮੇਂ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਆਖਿਆ ਕਿ ਲੁਧਿਆਣਾ ਪੱਛਮੀ ਵਾਰਡ ਨੰ: 63 ਤੋਂ 'ਆਪ' ਪਾਰਟੀ ਦੇ ਉਮੀਦਵਾਰ ਸ੍ਰੀ ਸੰਜੀਵ ਅਰੋੜਾ ਨੂੰ ਲੋਕ 19 ਜੂਨ ਨੂੰ ਹੋਣ ਵਾਲੀ ਜ਼ਿਮਨੀ ਚੋਣ ਵਿਚ ਇਕ ਤਰਫ਼ਾ ਵੋਟਾਂ ਪਾ ਕੇ ਭਾਰੀ ਬਹੁਮਤ ਨਾਲ ਜਿਤਾਉਣਗੇ। ਇਸ ਮੌਕੇ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਹਰੀਵਾਲ ਤੋਂ ਇਲਾਵਾ ਕੌਂਸਲਰ ਮਨਿੰਦਰ ਕੌਰ ਘੁੰਮਣ, ਪ੍ਰਧਾਨ ਬਲਜੀਤ ਸਿੰਘ ਸਰਾਂ, ਸੈਕਟਰੀ ਦਲਜੀਤ ਸਿੰਘ ਬੁੰਡਾਲਾ ਤੇ ਹੋਰ 'ਆਪ' ਆਗੂ ਹਾਜ਼ਰ ਸਨ।

# ਸਿੱਖ ਪਰਿਵਾਰ ਨੇ ਈਸਾਈ ਧਰਮ ਦਾ ਫੜਿਆ ਪੱਲਾ



ਨਵੀਂ ਦਿੱਲੀ 11 ਜੂਨ (ਮਨਪ੍ਰੀਤ ਸਿੰਘ ਖਾਲਸਾ):- ਕੁਲਵੰਤ ਸਿੰਘ ਅਤੇ ਅਮਰਜੀਤ ਕੌਰ ਜੋ ਕਿ ਲੁੱਧਿਆਣੇ ਦੇ ਦਿਆਨੰਦ ਅਸਪਤਾਲ ਵਿਚ ਕੰਮ ਕਰਦੇ ਸਨ, ਇਕ ਈਸਾਈ ਪਾਸਟਰ ਦੇ ਸੰਪਰਕ ਵਿਚ ਆਣ ਕਰਕੇ ਸਿੱਖ ਧਰਮ ਨੂੰ ਛੱਡ ਕੇ ਈਸਾਈ ਧਰਮ ਆਪਣਾ ਲਿਆ ਹੈ । ਉਨ੍ਹਾਂ ਵਲੋਂ ਚੁੱਕੇ ਗਏ ਇਸ ਕਦਮ ਨਾਲ ਪਰਿਵਾਰ ਅਤੇ ਰਿਸ਼ਤੇਦਾਰੀ ਵਿਚ ਵੱਡਾ ਰੋਸ ਫੈਲ ਗਿਆ ਸੀ ਤੇ ਕੁਲਵੰਤ ਸਿੰਘ ਦੇ ਪਿਤਾ ਜੀ ਜੋ ਕਿ ਨਿਹੰਗ ਸਿੰਘ ਹਨ, ਵਲੋਂ ਉਨ੍ਹਾਂ ਨੂੰ ਬਹੁਤਾ ਸਮਝਾਣ ਦੇ ਬਾਵਜੂਦ ਜਦ ਓਹ ਨਹੀਂ ਮੰਨੇ ਤਾਂ ਉਨ੍ਹਾਂ ਨੂੰ ਸ਼ਰੀਰਕ ਅਤੇ ਮਾਨਸਿਕ ਤੌਰ ਤੇ ਪੀੜਿਤ ਕੀਤਾ ਜਾਣ ਲਗ ਪਿਆ । ਰੋਜ ਦਿਨ ਦੇ ਵੱਧ ਰਹੇ ਕਲੇਸ਼ ਤੋਂ ਦੁੱਖੀ ਹੋਕੇ ਇਹ ਪਰਿਵਾਰ ਆਪਣੇ ਬੱਚਿਆਂ ਸਮੇਤ ਭਾਰਤ ਛੱਡ ਕੇ ਕੈਨੇਡਾ ਚਲਾ ਗਿਆ । ਪਰਿਵਾਰ ਵਲੋਂ ਦਸੀ ਗਈ ਜਾਣਕਾਰੀ ਮੁਤਾਬਿਕ ਜ਼ੇਕਰ ਇਹ ਭਾਰਤ ਵਾਪਿਸ ਪਰਤਦੇ ਹਨ ਤਦ ਇੰਨ੍ਹਾ ਨੂੰ ਮੁੜ ਮਾਨਸਿਕ ਦੇ ਨਾਲ ਸ਼ਰੀਰਕ ਤੌਰ ਤੇ ਤਸ਼ੱਦਦ ਸਹਿਣ ਕਰਣਾ ਪਵੇਗਾ ਜੋ ਕਿ ਇੰਨ੍ਹਾ ਦੇ ਬੱਚਿਆਂ ਉਪਰ ਗਲਤ ਅਸਰ ਪਵੇਗਾ। ਉਨ੍ਹਾਂ ਦਸਿਆ ਕਿ ਪਾਸਟਰ ਦੇ ਸੰਪਰਕ ਚ ਆਣ ਤੋਂ ਬਾਅਦ ਉਨ੍ਹਾਂ ਨੇ ਫਿਲੌਰ ਦੇ ਇਕ ਚਰਚ ਵਿਚ ਜਾਣਾ ਸ਼ੁਰੂ ਕਰ ਦਿੱਤਾ ਤੇ ਗੱਲ ਫੈਲਣ ਤੇ ਉਨ੍ਹਾਂ ਨੂੰ ਰਾਹ ਚਲਦਿਆਂ ਵੀਂ ਲੋਕਾਂ ਦੀਆਂ ਗੱਲਾਂ ਸੁਣਨ ਨੂੰ ਮਿਲਦੀਆਂ ਰਹਿੰਦਿਆਂ ਸਨ । ਉਨ੍ਹਾਂ ਦਸਿਆ ਕਿ ਜਦੋ ਗੱਲ ਹੱਦ ਤੋਂ ਪਾਰ ਹੋ ਗਈ ਤਦ ਸਾਨੂੰ ਦੇਸ਼ ਛੱਡਣਾ ਪੈ ਗਿਆ ਤੇ ਹੁਣ ਜ਼ੇਕਰ ਵਾਪਿਸ ਪਰਤਦੇ ਹਾਂ ਤਾਂ ਮੁੜ ਉਨ੍ਹਾਂ ਹਾਲਾਤਾਂ ਦਾ ਸਾਹਮਣਾ ਕਰਣਾ ਪਵੇਗਾ ਤੇ ਭਾਰਤ ਅੰਦਰ ਈਸਾਈ ਲੋਕਾਂ ਵਲੋਂ ਕੀਤੇ ਜਾ ਰਹੇ ਪ੍ਰਚਾਰ ਕਰਕੇ ਓਹ ਵੀਂ ਸੁਰੱਖਿਅਤ ਨਹੀਂ ਹਨ ਤਾਂ ਸਾਡੀ ਸੁਰੱਖਿਆ ਕਿਦਾਂ ਹੋਵੇਗੀ ਇਹ ਸੋਚ ਕੇ ਵਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਣਾ ਪੈ ਰਿਹਾ ਹੈ । ਜਿਕਰਯੋਗ ਹੈ ਕਿ ਦ ਵਾਇਰ ਵਲੋਂ ਪ੍ਰਕਾਸ਼ਿਤ ਕੀਤੀ ਗਈ ਖ਼ਬਰ ਮੁਤਾਬਿਕ ਸਿਵਲ ਸੋਸਾਇਟੀ ਸਮੂਹਾਂ ਨੇ ਇੱਕ ਵਾਰ ਫਿਰ ਭਾਰਤ ਵਿੱਚ ਈਸਾਈਆਂ ਵਿਰੁੱਧ ਹਿੰਸਾ ਦੀਆਂ ਵਧਦੀਆਂ ਘਟਨਾਵਾਂ ਬਾਰੇ ਚਿੰਤਾ ਪ੍ਰਗਟ ਕੀਤੀ ਹੈ। ਯੂਨਾਈਟਿਡ ਕ੍ਰਿਸ਼ਚੀਅਨ ਫੋਰਮ (ਯੂਸੀਐਫ) ਦੁਆਰਾ ਜਾਰੀ ਕੀਤੇ ਗਏ ਨਵੇਂ ਅੰਕੜਿਆਂ ਵਿੱਚ ਕਿਹਾ ਗਿਆ ਹੈ ਕਿ ਭਾਰਤ ਅੰਦਰ 2024 ਵਿੱਚ 834 ਅਜਿਹੀਆਂ ਘਟਨਾਵਾਂ ਵਾਪਰੀਆਂ, ਜੋ ਕਿ 2023 ਵਿੱਚ 734 ਤੋਂ 100 ਘਟਨਾਵਾਂ ਵੱਧ ਹਨ। ਹਮਲਿਆਂ ਦੀ ਚਿੰਤਾਜਨਕ ਬਾਰੰਬਾਰਤਾ ਇਸ ਗੱਲ ਦਾ ਅਨੁਵਾਦ ਕਰਦੀ ਹੈ ਕਿ ਭਾਰਤ ਵਿੱਚ ਹਰ ਰੋਜ਼ ਦੋ ਤੋਂ ਵੱਧ ਈਸਾਈਆਂ ਨੂੰ ਸਿਰਫ਼ ਆਪਣੇ ਧਰਮ ਦਾ ਅਭਿਆਸ ਕਰਨ ਲਈ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਜਿਕਰਯੋਗ ਹੈ ਕਿ ਦ ਵਾਇਰ ਨੇ ਪਹਿਲਾਂ ਵੀਂ ਰਿਪੋਰਟ ਕੀਤੀ ਹੈ ਕਿ 2014 ਤੋਂ ਬਾਅਦ, ਜਦੋਂ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਜਪਾ ਨੇ ਪਹਿਲੀ ਵਾਰ ਕੇਂਦਰ ਸਰਕਾਰ ਬਣਾਈ ਸੀ, ਅਜਿਹੀਆਂ ਘਟਨਾਵਾਂ ਦੀ ਗਿਣਤੀ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ।

# ਚੇਅਰਮੈਨ ਮਨਜੀਤ ਸਿੰਘ ਤਰਸਿੱਕਾ ਦੀ ਦਾਦੀ ਪਰਕਾਸ਼ ਕੌਰ ਦੀ ਅੰਤਿਮ ਅਰਦਾਸ ਵਿੱਚ ਸਾਬਕਾ ਕੈਬਨਿਟ ਮਜੀਠੀਆ ਨੇ ਸਰਧਾ ਦੇ ਫੁੱਲ ਭੇਟ ਕੀਤੇ



**ਚੌਕ ਮਹਿਤਾ, 11 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਾਬਕਾ ਚੇਅਰਮੈਨ ਮਨਜੀਤ ਸਿੰਘ ਦੀ ਦਾਦੀ ਪ੍ਰਕਾਸ਼ ਕੌਰ ਤਰਸਿੱਕਾ ਧਰਮ ਪਤਨੀ ਸਵ: ਜੋਗਿੰਦਰ ਸਿੰਘ ਡੇਰਾ ਸਰਦਾਰਾਂ ਪੁੱਲ ਨਹਿਰ ਤਰਸਿੱਕਾ ਜਿਨ੍ਹਾਂ ਦਾ ਬੀਤੇ ਦਿਨੀਂ ਅਚਾਨਕ ਦਿਹਾਂਤ ਹੋ ਗਿਆ ਸੀ, ਅੱਜ ਬਿਕਰਮ ਸਿੰਘ ਮਜੀਠੀਆ ਸਾਬਕਾ ਕੈਬਨਿਟ ਮੰਤਰੀ ਪੰਜਾਬ ਨੇ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਵਿਖੇ ਨਤਮਸਤਕ ਹੋਣ ਉਪਰੰਤ ਉਨ੍ਹਾਂ ਦੇ ਸਪੁੱਤਰ ਰਣਧੀਰ ਸਿੰਘ ਤੇ ਦੁਖੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਉਨ੍ਹਾਂ ਨੇ ਕਿਹਾ ਕਿ ਇਹ ਪਰਿਵਾਰ ਸ਼ੁਰੂ ਤੋਂ ਹੀ ਸਰੋਮਨੀ ਆਕਾਲੀ ਦੇ ਨਾਲ ਜੁੜਿਆ ਹੋਇਆ ਹੈ। ਮੰਤਰੀ ਸਾਬ ਨੇ ਵਿਛੜੀ ਰੂਹ ਨੂੰ ਆਪਣੇ ਚਰਨਾਂ 'ਚ ਨਿਵਾਸ ਦੇਣ ਤੇ ਸਮੁੱਚੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਕਾਮਨਾ ਕੀਤੀ। ਇਸ ਮੌਕੇ ਸੰਤ ਬਾਬਾ ਗੁਰਦੇਵ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ, ਬਾਬਾ ਅਜਾਇਬ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਅਗੰਮਗੜ੍ਹ ਸਾਹਿਬ ਤਰਸਿੱਕਾ, ਮਨਜੀਤ ਸਿੰਘ ਤਰਸਿੱਕਾ ਸਾਬਕਾ ਚੇਅਰਮੈਨ, ਸੁਖਵਿੰਦਰ ਸਿੰਘ ਗੋਲਡੀ ਸਾਬਕਾ ਚੇਅਰਮੈਨ, ਰਾਜਬੀਰ ਸਿੰਘ ਉਦੋਨੰਗਲ ਸਰਪੰਚ, ਦਲਬੀਰ ਸਿੰਘ ਪ੍ਰਿੰਸ ਸੈਦੋਲੇਲ, ਗੁਰਧਿਆਨ ਸਿੰਘ ਮਹਿਤਾ, ਕੰਵਰਦੀਪ ਸਿੰਘ ਮਾਨ, ਚੇਅਰਮੈਨ ਜਤਿੰਦਰ ਸਿੰਘ ਲੱਧਾ ਮੁੰਡਾ, ਅਠਵਾਲ ਮਹਿਤਾ, ਨਛੱਤਰ ਸਿੰਘ, ਯਾਦਵਿੰਦਰ ਸਿੰਘ ਸੋਭਾ, ਸਰਨੈਲ ਸਿੰਘ ਸਰਪੰਚ, ਸਰਬਜੀਤ ਸਿੰਘ, ਕਸ਼ਮੀਰ ਸਿੰਘ, ਜਵਾਲਾ ਸਿੰਘ, ਸੁਰਜੀਤ ਸਿੰਘ ਸੇਠ, ਬਾਬਾ ਸੁਖਵੰਤ ਸਿੰਘ ਚੰਨਣਕੇ, ਤਰਸੇਮ ਸਿੰਘ ਗ੍ਰੰਥੀ, ਬਲਵਿੰਦਰ ਸਿੰਘ ਤੇ ਮਨਜੀਤ ਸਿੰਘ ਜੀਵਨ ਪੰਧੇਰ ਆਦਿ ਆਗੂਆਂ ਨੇ ਮਾਤਾ ਪ੍ਰਕਾਸ਼ ਕੌਰ ਨੂੰ ਸਰਧਾ ਦੇ ਫੁੱਲ ਭੇਟ ਕੀਤੇ, ਅਤੇ ਬਹੁਤ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

**ਜਥੇਦਾਰ ਦਾਦੂਵਾਲ ਨੇ ਪਿੰਡ ਫੱਗੂ ਗੁਰੂਘਰ ਦੀ ਨਵੀਂ ਇਮਾਰਤ ਦਾ ਰੱਖਿਆ ਨੀਂਹ ਪੱਥਰ**

# ਕਾਰ ਸੇਵਾ ਲਈ 51 ਹਜ਼ਾਰ ਰੁਪਏ ਕੀਤੇ ਭੇਂਟ



**ਤਲਵੰਡੀ ਸਾਬੋ, 11 ਜੂਨ (ਗੁਰਜੰਟ ਸਿੰਘ ਨਥੇਹਾ)**- ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਪਿੰਡ ਫੱਗੂ ਜ਼ਿਲਾ ਸਿਰਸਾ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜ ਪਿਆਰਿਆਂ ਦੇ ਰੂਪ ਵਿੱਚ ਰੱਖਿਆ ਗਿਆ ਨੀਂਹ ਪੱਥਰ ਰੱਖਣ ਸਮੇਂ ਪੰਜ ਪਿਆਰਿਆਂ ਵਿੱਚ ਬਾਬਾ ਗੁਰਪਾਲ ਸਿੰਘ ਚੋਰਮਾਰ, ਗਿਆਨੀ ਕੁਲਦੀਪ ਸਿੰਘ ਫੱਗੂ, ਬਾਬਾ ਨਿਰਮਲ ਸਿੰਘ ਫੱਗੂ, ਬਾਬਾ ਅੰਗਰੇਜ਼ ਸਿੰਘ ਫੱਗੂ ਸ਼ਾਮਿਲ ਸਨ ਜਥੇਦਾਰ ਦਾਦੂਵਾਲ ਨੇ ਸਿੱਖ ਸੰਗਤਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਇਸ ਇਲਾਕੇ ਵਿੱਚ ਤਕਰੀਬਨ ਦੋ ਦਹਾਕੇ ਭਾਰੀ ਸੇਮ ਦੀ ਮਾਰ ਰਹੀ ਹੈ ਜਿਸ ਕਰਕੇ ਗੁਰਦੁਆਰਾ ਸਾਹਿਬ ਦੀ ਪਹਿਲੀ ਇਮਾਰਤ ਖ਼ਸ਼ਤਾ ਹਾਲਤ ਵਿੱਚ ਹੋ ਚੁੱਕੀ ਸੀ ਇਸ ਲਈ ਨਵੀਂ ਇਮਾਰਤ ਬਣਾਉਣ ਦਾ ਸਿੱਖ ਸੰਗਤਾਂ ਨੇ ਉਪਰਾਲਾ ਕੀਤਾ ਤੇ ਅੱਜ ਨਵੀਂ ਇਮਾਰਤ ਦਾ ਨੀਂਹ ਪੱਥਰ ਪੰਜ ਪਿਆਰਿਆ ਸਿੱਖ ਸੰਗਤਾਂ ਨੇ ਰੱਖਿਆ ਜਿਸ ਦੀ ਸੰਗਤਾਂ ਨੂੰ ਲੱਖ ਲੱਖ ਵਧਾਈ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਗੁਰੂਘਰ "ਗੁਰਦੁਆਰੈ ਹੋਇ ਸੋਝੀ ਪਾਇਸੀ" ਅਨੁਸਾਰ ਗੁਰਮਤਿ ਦੀ ਸੋਝੀ ਪ੍ਰਾਪਤ ਕਰਨ ਲਈ ਉਸਾਰੇ ਜਾਂਦੇ ਹਨ। ਜਥੇਦਾਰ ਦਾਦੂਵਾਲ ਨੇ ਆਪਣੇ ਸੁੱਖ ਸੇਵਾ ਸਿਮਰਨ ਟਰਸੱਟ ਵੱਲੋਂ ਇਮਾਰਤ ਦੀ ਕਾਰ ਸੇਵਾ ਵਿੱਚ 51 ਹਜਾਰ ਰੁਪਏ ਭੇਂਟ ਕੀਤੇ। ਇਸ ਸਮੇਂ ਬਾਬਾ ਜਸਵਿੰਦਰ ਸਿੰਘ ਬੜਾਗੁੜਾ, ਗਿਆਨੀ ਕੁਲਦੀਪ ਸਿੰਘ ਫੱਗੂ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ। ਗੁਰਦੁਆਰਾ ਸਾਹਿਬ ਦੀ ਕਾਰ ਸੇਵਾ ਵਿੱਚ ਗਿਆਨੀ ਕੁਲਦੀਪ ਸਿੰਘ ਫੱਗੂ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਨੇ ਆਪਣੇ ਅਖਤਿਆਰੀ ਕੋਟੇ ਵਿੱਚੋਂ 50 ਹਜਾਰ ਰੁਪਏ ਦੇਣ ਦਾ ਐਲਾਨ ਕੀਤਾ। ਗੁਰਦੁਆਰਾ ਯਾਦਗਾਰ ਪਾਤਸ਼ਾਹੀ 8ਵੀਂ ਫੱਗੂ ਪ੍ਰਬੰਧਕ ਕਮੇਟੀ ਨੇ ਇੱਕ ਲੱਖ ਰੁਪਏ ਕਾਰ ਸੇਵਾ ਵਿੱਚ ਪਾਉਣ ਦਾ ਐਲਾਨ ਕੀਤਾ। ਸ. ਨਿਰਮਲ ਸਿੰਘ ਮੱਲੜੀ ਵੱਲੋਂ ਵੀ 11ਹਜ਼ਾਰ ਰੁਪਏ ਭੇਂਟ ਕਰਨ ਦਾ ਐਲਾਨ ਕੀਤਾ। ਇਸ ਸਮੇਂ ਫੱਗੂ ਨਗਰ ਅਤੇ ਇਲਾਕਾ ਨਿਵਾਸੀ ਸੰਗਤਾਂ ਵੱਡੀ ਗਿਣਤੀ ਵਿੱਚ ਜੁੜੀਆਂ ਹੋਈਆਂ ਸਨ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜਥਾ ਗੁਰਦੁਆਰਾ ਦਾਦੂ ਸਾਹਿਬ ਨੇ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਰਸਭਿੰਨਾ ਕੀਰਤਨ ਵੀ ਕੀਤਾ। ਜਥੇਦਾਰ ਦਾਦੂਵਾਲ ਦੇ ਹਰਿਆਣਾ ਕਮੇਟੀ ਮੈਂਬਰ ਨਾਮਜ਼ਦ ਹੋਣ ਤੇ ਬਾਬਾ ਗੁਰਪਾਲ ਸਿੰਘ ਚੋਰਮਾਰ ਨੇ ਲੋਈ ਸਿਰੋਪਾ ਭੇਂਟ ਕਰਕੇ ਵਿਸੇਸ਼ ਸਨਮਾਨ ਕੀਤਾ। ਸਮਾਗਮ ਵਿੱਚ ਉਪਰੋਕਤ ਤੋਂ ਇਲਾਵਾ ਬਲਕੌਰ ਸਿੰਘ ਕਾਲਾਂਵਾਲੀ ਸਾਬਕਾ ਵਿਧਾਇਕ, ਸੁਖਦੇਵ ਸਿੰਘ ਬੜਾਗੁੜਾ ਸਾਬਕਾ ਚੇਅਰਮੈਨ, ਬਲਜੀਤ ਸਿੰਘ ਸਾਬਕਾ ਸਰਪੰਚ ਫੱਗੂ, ਮੋਹਲਾ ਸਿੰਘ ਸਾਬਕਾ ਪ੍ਰਧਾਨ, ਸੋਹਣ ਸਿੰਘ ਗਰੇਵਾਲ ਸਾਬਕਾ ਮੈਂਬਰ ਹਰਿਆਣਾ ਕਮੇਟੀ, ਮਿਸਤਰੀ ਗੁਰਜੰਟ ਸਿੰਘ ਦਾਦੂ ਸਾਹਿਬ, ਗ੍ਰੰਥੀ ਮਲਕੀਤ ਸਿੰਘ ਕਮਾਲ ਬਾਬਾ ਜੀਤ ਸਿੰਘ ਗ੍ਰੰਥੀ ਰੂਘੂਆਣਾ, ਹਰਮਨਪ੍ਰੀਤ ਸਿੰਘ ਦਾਦੂ ਸਾਹਿਬ, ਸੰਤ ਸੀਤਾ ਰਾਮ ਗਊਸ਼ਾਲਾ ਰੋੜੀ, ਮੇਜਰ ਸਿੰਘ ਸਾਬਕਾ ਸਰਪੰਚ ਰੋੜੀ, ਬਸੰਤ ਸਿੰਘ ਥਿਰਾਜ ਵੀ ਹਾਜ਼ਰ ਸਨ। ਬਾਬਾ ਅੰਗਰੇਜ ਸਿੰਘ ਫੱਗੂ ਅਤੇ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਪ੍ਰਬੰਧਕ ਕਮੇਟੀ ਵੱਲੋਂ ਜਥੇਦਾਰ ਦਾਦੂਵਾਲ ਸਮੇਤ ਆਈਆਂ ਸਾਰੀਆਂ ਸ਼ਖਸ਼ੀਅਤਾਂ ਦਾ ਸਿਰਪਾਉ ਭੇਂਟ ਕਰਕੇ ਵਿਸੇਸ਼ ਸਨਮਾਨ ਅਤੇ ਧੰਨਵਾਦ ਕੀਤਾ।

**ਸਰਕਾਰੀ ਹਾਈ ਸਕੂਲ ਚੱਠੇਵਾਲਾ ਵਿਖੇ**

# ਭਾਰਤੀਯ ਭਾਸ਼ਾ ਸਿਖਲਾਈ ਸਮਰ ਕੈਂਪ ਆਯੋਜਿਤ







**ਤਲਵੰਡੀ ਸਾਬੋ, 10 ਜੂਨ (ਗੁਰਜੰਟ ਸਿੰਘ ਨਥੇਹਾ)**- ਸਰਕਾਰੀ ਹਾਈ ਸਕੂਲ ਚੱਠੇਵਾਲਾ ਵਿਖੇ ਸੱਤ ਰੋਜ਼ਾ ਤੇਲਗੂ ਭਾਸ਼ਾ ਸਿਖਲਾਈ ਸਮਰ ਕੈਂਪ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ੍ ਕੈਂਪ ਦੌਰਾਨ ਅਧਿਆਪਕਾਂ ਵੱਲੋਂ ਯੋਗ ਸਾਧਨਾਂ ਦੀ ਵਰਤੋਂ ਕਰਦਿਆਂ ਵਿਦਿਆਰਥੀਆਂ ਨੂੰ ਆਂਧਰਾ ਪ੍ਰਦੇਸ਼ ਦੇ ਸੱਭਿਆਚਾਰ ਦੀ ਤੇਲਗੂ ਭਾਸ਼ਾ ਵਿੱਚ ਜਾਣਕਾਰੀ ਦਿੱਤੀ ਗਈ੍ ਕੈਂਪ ਵਿੱਚ ਤੇਲਗੂ ਭਾਸ਼ਾ ਵਿੱਚ ਦਸ ਤੱਕ ਗਿਣਤੀ, ਫਲਾਂ ਦੇ ਨਾਂ, ਦਿਨਾਂ ਦੇ ਨਾਂ, ਪੇਂਟਿੰਗਜ, ਪਰਬਤਾਂ ਦੇ ਨਾਂ, ਆਂਧਰਾ ਪ੍ਰਦੇਸ਼ ਦੇ ਪਹਿਰਾਵੇ, ਸੰਗੀਤ ਅਤੇ ਲੋਕ ਨਾਚ ਆਦਿ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ ਗਈ। ਕੈਂਪ ਦੌਰਾਨ ਸਟੇਜ ਸੰਚਾਲਨ ਸ੍ਰੀ ਸੰਜੀਵ ਸੇਤੀਆ ਮੈਥ ਮਾਸਟਰ ਅਤੇ ਸ਼੍ਰੀਮਤੀ ਸੁਮਿਤਾ ਹਿੰਦੀ ਮਿਸਟ੍ਰੈਸ ਵੱਲੋਂ ਸਾਂਝੇ ਰੂਪ ਵਿੱਚ ਬਾਖੂਬੀ ਨਿਭਾਈ ਗਈ੍ ਮੁੱਖ ਅਧਿਆਪਕ ਸ੍ਰੀ ਵਿਜੇ ਕੁਮਾਰ ਜੀ ਨੇ ਸਾਰੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਇਸ ਕੈਂਪ ਦੀ ਸਫਲਤਾ ਲਈ ਵਧਾਈ ਦਿੱਤੀ। ਕੈਂਪ ਵਿੱਚੋਂ ਜੇਤੂ ਵਿਦਿਆਰਥੀਆਂ ਨੂੰ ਮੈਡਲ ਪਹਿਨਾ ਕੇ ਸਨਮਾਨਿਤ ਕੀਤਾ ਗਿਆ।

ਇਸ ਕੈਂਪ ਨੂੰ ਸਫਲ ਬਣਾਉਣ ਵਿੱਚ ਸ਼੍ਰੀਮਤੀ ਸੰਦੀਪ ਕੁਮਾਰ ਸਸ ਮਾਸਟਰ, ਸ੍ਰੀਮਤੀ ਸਰਬਜੀਤ ਕੌਰ ਪੰਜਾਬੀ ਮਿਸਟ੍ਰੈਸ, ਸ੍ਰੀਮਤੀ ਗੁਰਦੀਪ ਕੌਰ ਸਾਇੰਸ ਮਿਸਟ੍ਰੈਸ, ਸ੍ਰੀਮਤੀ ਜਸਵਿੰਦਰ ਕੌਰ ਸਸ ਮਿਸਟ੍ਰੈਸ, ਸ੍ਰੀਮਤੀ ਤਨੀਸ਼ਾ ਸਾਇੰਸ ਮਿਸਟ੍ਰੈਸ, ਸ. ਗੁਰਜੰਟ ਸਿੰਘ ਡੀਪੀਈ, ਨੇਪਾਲ ਸਿੰਘ ਕੰਪਿਊਟਰ ਫੈਕਲਟੀ ਅਧਿਆਪਕਾਂ ਦਾ ਵੱਡਾ ਯੋਗਦਾਨ ਰਿਹਾ। ਇਸ ਸਮੇਂ ਹਰਗੋਬਿੰਦ ਸਿੰਘ ਰਾਮਜੀਵਨ ਸਿੰਘ ਅਤੇ ਤਰਸੇਮ ਸਿੰਘ ਵੀ ਮੌਜੂਦ ਰਹੇ।

# ਵਾਤਾਵਰਣ ਦਿਵਸ ਮੌਕੇ ਗੋ ਗ੍ਰੀਨ ਰਾਈਡ ਦਾ ਆਯੋਜਨ




**ਬਠਿੰਡਾ, 10 ਜੂਨ (ਗੁਰਜੰਟ ਸਿੰਘ ਨਥੇਹਾ)**- ਦਾਤਾਰ ਐਜੂਕੇਸ਼ਨਲ ਬਠਿੰਡਾ ਅਤੇ ਇਨਵਾਇਰਮੈਂਟਲ ਟਰੱਸਟ ਅਤੇ ਪੰਜਾਬੀ ਐਡਵੈਂਚਰਜ਼ ਵੱਲੋਂ ਕ੍ਰਿਸ਼ਨਾ ਆਟੋਮੋਬਾਈਲਜ਼ ਦੇ ਸਹਿਯੋਗ ਨਾਲ ਵਾਤਾਵਰਣ ਦਿਵਸ ਨੂੰ ਸਮਰਪਿਤ ਗੋ ਗ੍ਰੀਨ ਰਾਈਡ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅੰਮ੍ਰਿਤ ਲਾਲ ਅਗਰਵਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅੰਮ੍ਰਿਤ ਲਾਲ ਅਗਰਵਾਲ ਨੇ ਵਾਤਾਵਰਣ ਦਿਵਸ ਨੂੰ ਸਮਰਪਿਤ ਭਾਸ਼ਣ ਦੇ ਕੇ ਹਰਿਆਲੀ ਦੇ ਪ੍ਰਸਾਰ ਲਈ ਪ੍ਰੇਰਿਆ ਗਿਆ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਾਤਾਵਰਣ ਨੂੰ ਹੀ ਸੰਭਾਲ ਕੇ ਹਰੇਕ ਨਾਗਰਿਕ ਆਪਣੀ ਧਰਤੀ ਮਾਂ ਦੇ ਪ੍ਰਤੀ ਮੁੱਢਲਾ ਫਰਜ ਅਦਾ ਕਰ ਸਕਦਾ ਹੈ। ਚੇਅਰਮੈਨ ਅੰਮ੍ਰਿਤ ਲਾਲ ਅਗਰਵਾਲ ਨੇ ਕਿਹਾ ਕਿ ਦਾਤਾਰ ਐਜੂਕੇਸ਼ਨਲ ਐਂਡ ਇਨਵਾਇਰਮੈਂਟਲ ਟਰੱਸਟ ਅਤੇ ਪੰਜਾਬੀ ਐਡਵੈਂਚਰਰਜ਼ ਵੱਲੋਂ ਬਹੁਤ ਹੀ ਸ਼ਲਾਘਾਯੋਗ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਲੱਬ ਨੂੰ ਹਰ ਸੰਭਵ ਮਦਦ ਦਾ ਭਰੋਸਾ ਵੀ ਦਿੱਤਾ। ਇਸ ਰਾਈਡ ਨੂੰ ਸਫਲ ਬਣਾਉਣ ਵਿੱਚ ਜਸਵੰਤ ਕੌਸ਼ਿਕ, ਫਤਿਹਪਾਲ ਸਿੰਘ ਮੱਲ੍ਹੀ, ਬਲਵਿੰਦਰ ਬਾਵਾ ਅਤੇ ਜਸਪਾਲ ਸੰਧੂ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਦੌਰਾਨ ਗੋ ਗਰੀਨ ਰਾਈਡ ਦੀ ਸ਼ੁਰੂਆਤ ਕ੍ਰਿਸ਼ਨਾ ਆਟੋਮੋਬਾਈਲਜ਼ ਤੋਂ ਸ਼ੁਰੂ ਹੋਈ ਜੋ ਕਿ ਗੁਰਮੁਖੀ ਚੌਕ, ਹਾਜੀ ਰਤਨ ਚੌਕ, ਬੱਸ ਸਟੈਂਡ ਚੌਕ, ਫੌਜੀ ਚੌਕ, ਹਨੂੰਮਾਨ ਚੌਕ, ਬਾਬਾ ਨਾਮਦੇਵ ਚੌਕ, ਰੋਜ਼ ਗਾਰਡਨ, ਭਾਈ ਘਨੱ੍ਹਈਆ ਚੌਕ ਤੋਂ ਹੁੰਦੀ ਹੋਈ ਗਿਲ ਪੱਤੀ ਅਤੇ ਫਿਰ ਪਿੰਡ ਸਿਵੀਆਂ ਪਹੁੰਚੀ। ਸਿਵੀਆਂ ਪਹੁੰਚਣ 'ਤੇ ਰਾਈਡ ਦਾ ਸਵਾਗਤ ਦਾਤਾਰ ਐਜੂਕੇਸ਼ਨਲ ਐਂਡ ਇਨਵਾਇਰਮੈਂਟਲ ਟਰੱਸਟ ਦੇ ਮੁਖੀ ਬਾਬਾ ਬਲਜੀਤ ਸਿੰਘ ਨੇ ਕੀਤਾ। ਬਾਬਾ ਬਲਜੀਤ ਸਿੰਘ ਨੇ ਮੁੱਖ ਮਹਿਮਾਨ ਨੂੰ ਦਾਤਾਰ ਐਜੂਕੇਸ਼ਨਲ ਐਂਡ ਇਨਵਾਇਰਮੈਂਟਲ ਟਰੱਸਟ ਦੁਆਰਾ ਕੀਤੇ ਜਾ ਰਹੇ ਕੰਮਾਂ ਤੋਂ ਜਾਣੂ ਕਰਵਾਇਆ। ਇਸ ਰਾਈਡ ਵਿੱਚ ਹੋਰਨਾਂ ਤੋਂ ਇਲਾਵਾ ਸ਼ਬੀਨਾ ਬਰਾੜ, ਪ੍ਰਦੀਪ ਕੌਰ, ਪਰੀ ਸਿੰਗਲਾ, ਸ਼ੀਆ, ਡਾ. ਮਹਿੰਦਰ ਸਿੰਘ ਭੋਲਾ, ਧਰਮਿੰਦਰ ਸਿੰਘ, ਜਸਦੀਪ ਢਿੱਲੋਂ, ਸ਼ੰਮੀ ਸੈਣੀ, ਅਨੀਸ਼ ਗਾਰਗੀ, ਜਗਸੀਰ ਸਿੰਘ ਸਰਾਂ, ਗਗਨਦੀਪ ਗਰਗ, ਡਾ. ਵਿਸ਼ਾਲ, ਪ੍ਰਭਜੋਤ ਸਿੰਘ, ਸੰਨੀ ਸਿੰਘ, ਬੇਅੰਤ ਸਿੰਘ, ਅਮਰਦੀਪ ਸਿੰਘ, ਰਾਕੀ ਸ਼ਰਮਾ, ਐਡਵੋਕੇਟ ਨਵਜਿੰਦਰ ਸਿੰਘ, ਜਤਿੰਦਰ ਸਿੰਘ ਯੋਧਾ, ਹੈਲਿਪ, ਉਦੈ ਚੌਹਾਨ, ਓਮ ਕਰਨ ਸਪਰਾ ਆਦਿ ਨੇ ਸ਼ਮੂਲੀਅਤ ਕੀਤੀ।

# ਸਿੱਖ ਭਾਈਚਾਰੇ ਵਿਰੁੱਧ ਥੈਚਰ ਦੀਆਂ ਕਾਰਵਾਈਆਂ ਲਈ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਵਾਸਤੇ ਨਿੱਜੀ ਸਮਰਥਨ ਦੀ ਮੰਗ: ਸਿੱਖ ਫੈਡਰੇਸ਼ਨ ਯੂਕੇ




**ਨਵੀਂ ਦਿੱਲੀ, 11 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਯੂਕੇ ਦੇ 420 ਗੁਰਦੁਆਰਿਆਂ ਅਤੇ ਸਿੱਖ ਸੰਗਠਨਾਂ ਨੇ 31 ਮਾਰਚ 2025 ਨੂੰ ਕੀਰ ਸਟਾਰਮਰ ਨੂੰ ਪੱਤਰ ਲਿਖ ਕੇ ਲੇਬਰ ਸਰਕਾਰ ਨੂੰ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਦੇ ਆਪਣੇ ਵਾਅਦੇ ਨੂੰ ਪੂਰਾ ਕਰਨ ਦੀ ਬੇਨਤੀ ਕੀਤੀ। ਬੀਤੀ 1 ਜੂਨ ਨੂੰ 450 ਤੋਂ ਵੱਧ ਯੂਕੇ ਗੁਰਦੁਆਰਿਆਂ ਅਤੇ ਸਿੱਖ ਸੰਗਠਨਾਂ ਵੱਲੋਂ ਕੀਰ ਸਟਾਰਮਰ ਨੂੰ ਇੱਕ ਫਾਲੋ-ਅੱਪ ਪੱਤਰ ਭੇਜਿਆ ਗਿਆ ਸੀ ਅਤੇ ਇਸਦੀ ਕਾਪੀ ਸਾਰੇ ਲੇਬਰ ਸੰਸਦ ਮੈਂਬਰਾਂ ਨੂੰ ਦਿੱਤੀ ਗਈ ਸੀ। ਪਿਛਲੇ ਹਫ਼ਤੇ ਸਿੱਖ ਫੈਡਰੇਸ਼ਨ (ਯੂਕੇ) ਵੱਲੋਂ ਸਾਰੇ ਲੇਬਰ ਸੰਸਦ ਮੈਂਬਰਾਂ ਨੂੰ ਵਿਅਕਤੀਗਤ ਪੱਤਰ ਭੇਜੇ ਗਏ ਸਨ ਜਿਸ ਵਿੱਚ ਉਨ੍ਹਾਂ ਨੂੰ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਲਈ ਆਪਣੇ ਨਿੱਜੀ ਸਮਰਥਨ ਦੀ ਪੁਸ਼ਟੀ ਕਰਨ ਦੀ ਅਪੀਲ ਕੀਤੀ ਗਈ ਸੀ। ਸਿੱਖ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਭਾਈ ਅਮਰੀਕ ਸਿੰਘ ਗਿੱਲ ਅਤੇ ਬੀਪੀਓ ਭਾਈ ਦਬਿੰਦਰਜੀਤ ਸਿੰਘ ਨੇ ਦਸਿਆ ਕਿ ਦਰਜਨਾਂ ਲੇਬਰ ਸੰਸਦ ਮੈਂਬਰ, ਜਿਨ੍ਹਾਂ ਵਿੱਚ ਮੰਤਰੀ ਵੀ ਸ਼ਾਮਲ ਹਨ, ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਦਾ ਸਮਰਥਨ ਕਰ ਰਹੇ ਹਨ। ਉਹ ਜਾਣਦੇ ਹਨ ਅਤੇ ਸਮਝਦੇ ਹਨ ਕਿ ਇੱਕ ਵਾਅਦਾ ਕੀਤਾ ਗਿਆ ਸੀ ਅਤੇ ਜਨਤਾ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਰਾਹੀਂ ਥੈਚਰ ਦੀਆਂ ਕਾਰਵਾਈਆਂ ਦੇ ਆਲੇ ਦੁਆਲੇ ਪੂਰੀ ਸੱਚਾਈ ਦੇ ਹੱਕਦਾਰ ਹੈ। ਬੀਤੀ 5 ਜੂਨ ਨੂੰ ਸੰਸਦ ਵਿੱਚ ਵੁਲਵਰਹੈਂਪਟਨ ਵੈਸਟ ਤੋਂ ਲੇਬਰ ਐਮਪੀ ਵਾਰਿੰਦਰ ਜੱਸ ਅਤੇ ਇਲਫੋਰਡ ਸਾਊਥ ਤੋਂ ਲੇਬਰ ਐਮਪੀ ਜਸ ਅਠਵਾਲ ਨੇ ਲੇਬਰ ਲੀਡਰਸ਼ਿਪ ਨੂੰ ਆਪਣੇ ਵਾਅਦੇ ਦਾ ਸਨਮਾਨ ਕਰਨ ਅਤੇ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਦਾ ਐਲਾਨ ਕਰਨ ਦੀ ਮੰਗ ਕੀਤੀ ਸੀ। ਸਦਨ ਦੇ ਨੇਤਾ ਨੇ ਆਪਣੇ ਜਵਾਬ ਵਿੱਚ ਐਫਸੀਡੀਓ ਅਤੇ ਵਿਦੇਸ਼ ਸਕੱਤਰ ਨਾਲ ਆਪਣੀ ਨਿਰਾਸ਼ਾ ਪ੍ਰਗਟ ਕੀਤੀ ਕਿਉਂਕਿ ਉਨ੍ਹਾਂ ਨੇ 9 ਜਨਵਰੀ 2025 ਨੂੰ ਸੰਸਦ ਵਿੱਚ ਮਾਮਲਾ ਉਠਾਉਣ ਵਾਲੇ ਸਲੋਹ ਦੇ ਲੇਬਰ ਐਮਪੀ ਤਨਮਨਜੀਤ ਸਿੰਘ ਢੇਸੀ ਦਾ ਜਵਾਬ ਨਹੀਂ ਦਿੱਤਾ ਸੀ। ਉਨ੍ਹਾਂ ਕਿਹਾ ਕਿ ਤੁਹਾਡੇ ਸਮਰਥਨ ਨਾਲ ਸਾਡਾ ਉਦੇਸ਼ ਲੇਬਰ ਲੀਡਰਸ਼ਿਪ ਨੂੰ ਜਲਦੀ ਤੋਂ ਜਲਦੀ ਸੰਸਦ ਵਿੱਚ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਦਾ ਐਲਾਨ ਕਰਨ ਲਈ ਮਨਾਉਣਾ ਹੈ। ਵਿਦੇਸ਼ ਸਕੱਤਰ 24 ਜੂਨ ਨੂੰ ਸਵਾਲਾਂ ਦੇ ਜਵਾਬ ਦੇਣਗੇ ਅਤੇ ਉਨ੍ਹਾਂ ਨੂੰ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਦਾ ਐਲਾਨ ਕਰਨ ਲਈ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। ਸਿੱਖ ਭਾਈਚਾਰੇ ਵਿਰੁੱਧ ਥੈਚਰ ਦੀਆਂ ਕਾਰਵਾਈਆਂ ਦੀ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਲਈ ਆਪਣੇ ਸਮਰਥਨ ਦੀ ਪੁਸ਼ਟੀ ਕਰਣ ਦੇ ਨਾਲ ਪ੍ਰਧਾਨ ਮੰਤਰੀ, ਉਪ ਪ੍ਰਧਾਨ ਮੰਤਰੀ ਅਤੇ ਵਿਦੇਸ਼ ਸਕੱਤਰ ਨੂੰ ਲਿਖੋ ਕਿ ਉਹ ਪੂਰੀ ਸੱਚਾਈ ਸਥਾਪਤ ਕਰਨ ਅਤੇ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਜਲਦੀ ਤੋਂ ਜਲਦੀ ਸ਼ੁਰੂ ਕਰਨ ਦੇ ਲੇਬਰ ਦੇ ਵਾਅਦੇ ਦਾ ਸਨਮਾਨ ਕਰਨ।

### ਐਚਐਮਈਐਲ ਵੱਲੋਂ ਸਮਾਜਿਕ ਜ਼ਿੰਮੇਵਾਰੀ ਨਿਭਾਉਂਦੇ ਹੋਏ

# ਪੱਕਾ ਕਲਾਂ ਸਕੂਲ ਨੂੰ ਸਮਰਪਿਤ ਕੀਤਾ ਅਧੁਨਿਕ ਮਲਟੀਪਰਪਜ਼ ਹਾਲ





**ਤਲਵੰਡੀ ਸਾਬੋ,11 ਜੂਨ (ਗੁਰਜੰਟ ਸਿੰਘ ਨਥੇਹਾ)**- ਸਮਾਜਿਕ ਜ਼ਿੰਮੇਵਾਰੀ (ਸੀਐੱਸਆਰ) ਦੇ ਤਹਿਤ ਐਚਪੀਸੀਐੱਲ-ਮਿੱਤਲ ਐਨਰਜੀ ਲਿਮਟਿਡ (ਐਚਐਮਈਐਲ) ਗੁਰੂ ਗੋਬਿੰਦ ਸਿੰਘ ਰਿਫਾਈਨਰੀ ਵੱਲੋਂ ਪੱਕਾ ਕਲਾਂ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂੰ ਇਕ ਅਧੁਨਿਕ ਮਲਟੀਪਰਪਜ਼ ਹਾਲ ਸਮਰਪਿਤ ਕੀਤਾ ਗਿਆ। ਇਸ ਹਾਲ ਦਾ ਉਦਘਾਟਨ ਐਚਐਮਈਐਲ ਦੇ ਵਾਈਸ ਪ੍ਰੈਜ਼ੀਡੈਂਟ-ਓਪਰੇਸ਼ਨਲ ਐਕਸੀਲੈਂਸ ਸ਼੍ਰੀ ਅਰੁਣ ਭਾਰਦਵਾਜ ਵੱਲੋਂ ਕੀਤਾ ਗਿਆ। ਉਦਘਾਟਨ ਸਮੇਂ ਭਾਰਦਵਾਜ ਨੇ ਕਿਹਾ, "ਇਹ ਹਾਲ ਸਿੱਖਿਆ ਦੇ ਨਾਲ ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਨੂੰ ਵੀ ਉਤਸ਼ਾਹ ਦੇਵੇਗਾ। ਇਹ ਸਕੂਲ ਸੰਗਤ ਬਲਾਕ ਵਿੱਚ ਸਭ ਤੋਂ ਵੱਧ ਵਿਦਿਆਰਥੀਆਂ ਵਾਲਾ ਹੈ, ਜਿੱਥੇ ਕਈ ਸਮੇਂ ਤੋਂ ਇੱਕ ਐਸੇ ਹਾਲ ਦੀ

ਆਵਾਜ਼ਿ ਕੌਮ AWAZE QAUM International Newspaper & WEB TV

ਲੋੜ ਮਹਿਸੂਸ ਕੀਤੀ ਜਾ ਰਹੀ ਸੀ।" ਉਨ੍ਹਾਂ ਦੱਸਿਆ ਕਿ ਸਕੂਲ ਦੇ ਸਾਬਕਾ ਪ੍ਰਿੰਸੀਪਲ ਕੁਲਵਿੰਦਰ ਸਿੰਘ ਵੱਲੋਂ ਆਪਣੇ ਕਾਰਜਕਾਲ ਦੌਰਾਨ ਇਹ ਮੰਗ ਕੀਤੀ ਗਈ ਸੀ। ਸਿੱਖਿਆ ਖੇਤਰ ਵਿੱਚ ਐਚਐਮਈਐਲ ਦੇ ਯੋਗਦਾਨ ਬਾਰੇ ਗੱਲ ਕਰਦੇ ਹੋਏ ਉਨ੍ਹਾਂ ਕਿਹਾ ਕਿ ਰਿਫਾਈਨਰੀ ਵੱਲੋਂ ਸਰਕਾਰੀ ਸਕੂਲਾਂ ਵਿੱਚ ਚਲਾਈ ਜਾ ਰਹੀ ਸਕਾਲਰਸ਼ਿਪ ਸਕੀਮ ਅਤੇ ਸੀਐੱਸਆਰਐੱਲ ਪ੍ਰੋਜੈਕਟ ਦੇ ਨਤੀਜੇ ਵਜੋਂ ਪਿੰਡਾਂ ਦੇ ਵਿਦਿਆਰਥੀ ਅੱਜ ਆਈਆਈਟੀ ਅਤੇ ਐਨਆਈਟੀ ਵਰਗੇ ਉੱਚ ਤਕਨੀਕੀ ਸੰਸਥਾਨਾਂ ਵਿੱਚ ਦਾਖ਼ਲਾ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਇੱਕ ਵਿਦਿਆਰਥਣ ਨੇ ਆਈਆਈਟੀ ਗੁਵਾਹਾਟੀ ਅਤੇ ਚਾਰ ਵਿਦਿਆਰਥੀਆਂ ਨੇ ਐਨਆਈਟੀ ਜਲੰਧਰ ਵਿੱਚ ਦਾਖ਼ਲਾ ਲਿਆ ਸੀ। ਇਸ ਸਾਲ ਵੀ ਛੇ ਹੋਰ ਵਿਦਿਆਰਥੀਆਂ ਦੀ ਇਨ੍ਹਾਂ ਸੰਸਥਾਨਾਂ ਵਿੱਚ ਦਾਖ਼ਲੇ ਦੀ ਉਮੀਦ ਹੈ। ਸਕੂਲ ਇੰਚਾਰਜ ਬਲਜਿੰਦਰ ਕੌਰ ਨੇ ਕਿਹਾ ਕਿ ਸਕੂਲ ਵਿੱਚ ਸਾਲ ਭਰ ਸਿੱਖਿਆ, ਜਨਰਲ ਨੋਲਜ, ਡਰਾਇੰਗ, ਟਰੈਫਿਕ ਅਤੇ ਹੋਰ ਵਿਸ਼ਿਆਂ 'ਤੇ ਸੈਮੀਨਾਰ ਕਰਵਾਏ ਜਾਂਦੇ ਹਨ, ਪਰ ਢੁਕਵੀਂ ਥਾਂ ਨਾ ਹੋਣ ਕਰਕੇ ਮੁਸ਼ਕਲ ਆਉਂਦੀ ਸੀ। ਵਿਦਿਆਰਥੀਆਂ ਦੀ ਮੈਡੀਕਲ ਜਾਂਚ ਵੀ ਦੋ ਵਾਰੀ ਕਰਵਾਉਣੀ ਪੈਂਦੀ ਸੀ। ਹੁਣ ਇਹ ਮਲਟੀਪਰਪਜ਼ ਹਾਲ ਬਣਨ ਨਾਲ ਇਹ ਸਾਰੀਆਂ ਗਤੀਵਿਧੀਆਂ ਇਕ ਛੱਤ ਹੇਠਾਂ ਹੋ ਸਕਣਗੀਆਂ, ਜਿਸ ਨਾਲ ਬੱਚਿਆਂ ਦੇ ਸਰਵਾਂਗੀਣ ਵਿਕਾਸ ਨੂੰ ਬਲ ਮਿਲੇਗਾ। ਪਿੰਡ ਦੇ ਸਰਪੰਚ ਬਲਕਰਨ ਸਿੰਘ ਨੇ ਕਿਹਾ ਕਿ ਰਿਫਾਈਨਰੀ ਵੱਲੋਂ ਪਹਿਲਾਂ ਵੀ ਸਕੂਲ ਨੂੰ ਵਾਟਰ ਬਲਾਕ, ਸ਼ੌਚਾਲਾ ਬਲਾਕ ਤੇ ਖੇਡ ਸਮੱਗਰੀ ਦੇਣ ਵਿੱਚ ਸਹਿਯੋਗ ਕੀਤਾ ਗਿਆ ਸੀ। ਹੁਣ ਇਹ ਮਲਟੀਪਰਪਜ਼ ਹਾਲ ਮਿਲਣ ਨਾਲ ਸਕੂਲ ਨੇ ਇਲਾਕੇ ਦੇ ਹੋਰ ਸਕੂਲਾਂ ਵਿੱਚ ਅੱਗੇ ਵੱਧ ਕੇ ਇਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਪਿੰਡ ਵਾਸੀਆਂ ਅਤੇ ਗ੍ਰਾਮ ਪੰਚਾਇਤ ਵੱਲੋਂ ਐਚਐਮਈਐਲ ਦਾ ਧੰਨਵਾਦ ਕੀਤਾ। ਇਸ ਮੌਕੇ ਐਚਐਮਈਐਲ ਦੇ ਸੀਐਸਆਰ ਮੁਖੀ ਵਿਸ਼ਵਾਮੋਹਨ ਪ੍ਰਸਾਦ, ਸਾਬਕਾ ਪ੍ਰਿੰਸੀਪਲ ਕੁਲਵਿੰਦਰ ਸਿੰਘ, ਇੰਚਾਰਜ ਬਲਜਿੰਦਰ ਕੌਰ, ਸਰਪੰਚ ਬਲਕਰਨ ਸਿੰਘ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਗ੍ਰਾਮ ਪੰਚਾਇਤ ਮੈਂਬਰ ਮੱਖਣ ਸਿੰਘ ਪੰਚ, ਪਰਮਜੀਤ ਕੌਰ, ਗੁਰਚੇਤ ਸਿੰਘ, ਪਰਮਜੀਤ ਕੌਰ, ਸ਼ੀਲਾ ਰਾਣੀ, ਪਰਮਜੀਤ ਕੌਰ, ਦਰਸ਼ਨ ਸਿੰਘ, ਜਗਸੀਰ ਸਿੰਘ, ਮਾਸ਼ਾ ਰਾਮ, ਬਲਦੇਵ ਸਿੰਘ, ਸੋਨੀ ਦੇਵੀ ਸਮੇਤ ਕਈ ਗਣਮਾਨਯ ਵਿਅਕਤੀ ਮੌਜੂਦ ਸਨ।

**ਸਕਾਲਰਸ਼ਿਪ ਯੋਜਨਾਵਾਂ ਦੇ ਜ਼ਰੀਏ ਸਰਕਾਰੀ ਸਕੂਲਾਂ ਦੇ ਵਿਦਿਆਰਥੀ IIT ਤੇ NIT ਤੱਕ ਪਹੁੰਚ ਰਹੇ ਨੇ- ਅਰੁਣ ਭਾਰਦਵਾਜ**

### ਨੌਵੇਂ ਪਾਤਸ਼ਾਹ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ ਜੀ ਵਿਖੇ

# ਧਾਰਮਿਕ ਦੀਵਾਨ ਤੋਂ ਉਪਰੰਤ ਲਾਡਲੀਆਂ ਫੌਜਾਂ ਨੇ ਕੀਤਾ ਮਹੱਲੇ ਦਾ ਪ੍ਰਦਰਸ਼ਨ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 11 ਜੂਨ ( ਕੁਲਵੰਤ ਸਿੰਘ ਵਿਰਦੀ )**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸੌ ਸਾਲਾਂ ਸ਼ਹੀਦੀ ਸ਼ਤਾਬਦੀ ਦਿਵਸ਼ ਅਤੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਸੀਸ ਭੇਂਟ ਨਗਰ ਕੀਰਤਨ ਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ ਜੀ ਮੌੜ ਸਰ ਸਾਹਿਬ ਰਾਏਕੋਟ ਲੁਧਿਆਣਾ ਵਿਖੇ ਇੱਕ ਵੱਡਾ ਧਾਰਮਿਕ ਸਮਾਗਮ ਕਰਵਾਇਆ ਗਿਆ, ਵੱਖ ਵੱਖ ਦਲਪੰਥਾ ਨਾਲ ਸਬੰਧਤ ਲਾਡਲੀਆਂ ਨਿਹੰਗ ਫੌਜ਼ਾਂ ਵੱਲੋਂ ਸ਼ਾਨਦਾਰ ਮੁਹੱਲਾ ਖੇਡਿਆ ਗਿਆ, ਇਸ ਮੌਕੇ ਤੇ ਅਖੰਡ ਪਾਠਾਂ ਦੇ ਭੋਗ ਪਾਏ, ਧਾਰਮਿਕ ਦੀਵਾਨ ਸਜਾਇਆ ਗਿਆ, ਧਾਰਮਿਕ ਬੁਲਾਰਿਆਂ ਤੇ ਮਹੱਲਾ ਖੇਡਣ ਵਾਲਿਆਂ ਦਾ ਸਨਮਾਨ ਕੀਤਾ ਗਿਆ, ਪ੍ਰੈਸ ਨੂੰ ਇਸ ਸਬੰਧੀ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਕਿਹਾ ਗੁਰਮਤਿ ਸਮਾਗਮ ਦੇ ਸਬੰਧ ਵਿੱਚ ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ ਮੌੜ ਸਰ ਸਾਹਿਬ ਲੋਹਟਬੱਦੀ ਵਿਖੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰੱਬੀ ਬਾਣੀ ਦੇ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ , ਜਿਨ੍ਹਾਂ ਦੇ ਅੱਜ ਸਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੇ ਕਥਾਵਾਚਕਾ ਨੇ ਆਪਣੀ ਹਾਜ਼ਰੀ ਲਵਾਈ ਤੇ ਆਈਆਂ ਸ਼ਰਧਾਵਾਨ ਸੰਗਤਾਂ ਨੂੰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸ਼ਤਾਬਦੀ ਅਤੇ ਸ਼੍ਰੋਮਣੀ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਸੀਸ ਭੇਂਟ ਸ਼ਤਾਬਦੀ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ, ਭਾਈ ਖਾਲਸਾ ਨੇ ਦੱਸਿਆ ਇਸ ਮੌਕੇ ਤੇ ਦਸਮੇਸ਼ ਤਰਨਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ, ਜਥੇਦਾਰ ਬਾਬਾ ਸੁਖਪਾਲ ਸਿੰਘ ਮਾਲਵਾ ਤਰਨਾ ਦਲ, ਜਥੇਦਾਰ ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ ਵਾਲੇ, ਮੁੱਖ ਪ੍ਰਬੰਧਕ ਜਥੇਦਾਰ ਬਾਬਾ ਰਣਜੀਤ ਸਿੰਘ ਲੋਹਟਬੱਦੀ ਤੋਂ ਇਲਾਵਾ ਸੈਂਕੜੇ ਜਥੇਦਾਰ, ਲਾਡਲੀਆਂ ਨਿਹੰਗ ਫੌਜ਼ਾਂ ਤੇ ਹਜ਼ਾਰਾਂ ਸੰਗਤਾਂ ਨੇ ਸਮਾਗਮ ਦੀਆਂ ਹਾਜ਼ਰੀਆਂ ਭਰ ਕੇ ਆਪਣਾ ਮਨੁੱਖੀ ਜੀਵਨ ਸਫ਼ਲ ਬਣਾਇਆਂ, ਭਾਈ ਖਾਲਸਾ ਨੇ ਦੱਸਿਆ ਦੀਵਾਨ ਦੀ ਸਮਾਪਤੀ ਤੋਂ ਬਾਅਦ ਅਕਾਲ ਪੁਰਖ ਦੀਆਂ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਵੱਲੋਂ ਆਪਣੇ ਆਪਣੇ ਘੋੜਿਆ ਤੇ ਸਵਾਰ ਨੇਜ਼ੇ ਬਰਛੇ ਬਰਛੀਆਂ ਖੰਡੇ ਦੋਧਾਰੇ ਤੇ ਹੋਰ ਰਵਾਇਤੀ ਜੰਗੀ ਸ਼ਸਤਰਾਂ ਨਾਲ ਲੈਸ ਹੋ ਕੇ ਸਭ ਤੋਂ ਪਹਿਲਾਂ ਲੋਹਟਬੱਦੀ ਨਗਰ ਦੀਆਂ ਪਰਕਰਮਾਂ ਕੀਤੀਆਂ ਅਤੇ ਲੋਹਟਬੱਦੀ ਅਹਿਮਦਗੜ੍ਹ ਮੰਡੀ ਰੋਡ ਨੂੰ ਜਾਂਦੀ ਸੜਕ ਦੇ ਇੱਕ ਖੇਤ ਵਿੱਚ ਸ਼ਾਨਦਾਰ ਮਹੱਲੇ ਦਾ ਪ੍ਰਦਰਸ਼ਨ ਕੀਤਾ ਅਤੇ ਆਈਆਂ ਸੰਗਤਾਂ ਨੂੰ ਘੋੜਸਵਾਰੀ ਨੇਜ਼ਾ ਬਾਜ਼ੀ ਗਤਕੇਬਾਜ਼ੀ ਪੈਂਤੜੇ ਕੱਢਣ, ਕਿੱਲੀ ਤੇ ਕਿਲਾ ਪੁੱਟਣ ਵਰਗੀਆਂ ਕਈ ਤਰ੍ਹਾਂ ਦੀਆਂ ਜੰਗ ਜੂੰ ਖ਼ਾਲਸਾਈ ਖੇਡਾਂ ਦਾ ਪ੍ਰਦਰਸ਼ਨ ਕਰਕੇ ਨੌਜਵਾਨ ਪੀੜ੍ਹੀ ਨੂੰ ਸਿੱਖੀ ਦੇ ਸੁਨਹਿਰੀ ਪੁਰਾਤਨ ਵਿਰਸੇ ਇਤਿਹਾਸ ਨਾਲ ਜੋੜਨ ਲਈ ਜੰਗੀ ਪੱਧਰ ਤੇ ਉਪਰਾਲੇ ਕੀਤੇ, ਇਸ ਮੌਕੇ ਤੇ ਗੁਰੂ ਕੇ ਲੰਗਰ ਦੇਗਾਂ ਸਰਦਾਈਆ ਅਤੁੱਟ ਵਰਤਾਏ ਗਏ ਅਤੇ ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ ਮੌੜ ਸਰ ਸਾਹਿਬ ਲੋਹਟਬੱਦੀ ਦੇ ਮੁੱਖ ਪ੍ਰਬੰਧਕ ਜਥੇਦਾਰ ਬਾਬਾ ਰਣਜੀਤ ਸਿੰਘ ਲੋਹਟਬੱਦੀ ਵੱਲੋਂ ਆਏ ਦਲਪੰਥਾਂ ਦੇ ਮੁਖੀਆਂ ਦਾ ਸਨਮਾਨ ਕੀਤਾ ਗਿਆ ਇਸ ਮੌਕੇ ਤੇ ਜਥੇਦਾਰ ਬਾਬਾ ਖੜਕ ਸਿੰਘ, ਭਾਈ ਬਿੱਲੂ, ਬਾਬਾ ਮਨਜੀਤ ਸਿੰਘ ਜੀ, ਭਾਈ ਵਿਰਸਾ ਸਿੰਘ ਖਾਲਸਾ, ਭਾਈ ਭਾਗ ਸਿੰਘ, ਬਿੰਦਰ ਸਿੰਘ, ਕੁਲਵੰਤ ਸਿੰਘ ਤੇ ਹੋਰ ਸੈਂਕੜੇ ਜਥੇਦਾਰ ਤੇ ਹਾਜਾਰਾ ਸੰਗਤਾਂ ਹਾਜ਼ਰ ਸਨ, ਇਸ ਮੌਕੇ ਤੇ ਗੁਰੂ ਕੇ ਲੰਗਰ ਦੇਗਾਂ ਸਰਦਾਈਆ ਅਤੁੱਟ ਵਰਤਾਏ ਗਏ,ਮੇਜਰ ਸਿੰਘ ਸੋਢੀ ਰਕਰਮਾਂ ਕੀਤੀਆਂ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸਮੇਸ਼ ਤਰਨਦਲ ਤੇ ਜਥੇਦਾਰ ਬਾਬਾ ਕੁਲਵਿੰਦਰ ਸਿੰਘ ਦੀ ਅਗਵਾਈ ਕੀਤੀ।



ਆਵਾਜ਼ਿ ਕੌਮ AWAZE QAUM International Newspaper & WEB TV

# ਸੇਂਟ ਸੋਲਜਰ ਸਕੂਲ ਵੱਲੋਂ ਬੱਚਿਆਂ ਨੂੰ ਵੰਡਰਲੈਂਡ ਟੂਰ ਕਰਵਾਇਆ ਗਿਆ ਵੰਡਰਲੈਂਡ ਟੂਰ ਦੌਰਾਨ ਅਧਿਆਪਕ ਅਤੇ ਬੱਚਿਆਂ 'ਚ ਪਿਆਰ ਤੇ ਨੇੜਤਾ ਵੱਧਦੀ ਹੈ-ਡਾ: ਕਿਸ਼ਨਪੁਰੀ





**ਜੰਡਿਆਲਾ ਗੁਰੂ, 11 ਜੂਨ ( ਕੁਲਵੰਤ ਸਿੰਘ ਵਿਰਦੀ )**-ਬੱਚਿਆਂ ਨੂੰ ਮਾਨਸਿਕ ਅਤੇ ਸਰੀਰਕ ਤੌਰ ਤੇ ਤਾਜ਼ਾ ਰੱਖਣ ਵਾਸਤੇ ਸੈਂਟ ਸੋਲਜਰ ਸਕੂਲ ਵੱਲੋਂ ਕਈ ਤਰ੍ਹਾ ਦੇ ਉਪਰਾਲੇ ਕੀਤੇ ਜਾਂਦੇ ਹਨ। ਇਸੇ ਤਹਿਤ ਬੱਚਿਆਂ ਨੂੰ ਸਕੂਲ ਵੱਲੋਂ ਵੰਡਰਲੈਂਡ ਦਾ ਟੂਰ ✂ਕਰਵਾਇਆ ਗਿਆ ਜਿਸ ਵਿੱਚ 3 ਜੂਨ ਨੂੰ ਲੜਕਿਆਂ ਦਾ ਅਤੇ 4 ਜੂਨ ਨੂੰ ਲੜਕੀਆਂ ਦਾ ਟੂਰ ਕਰਵਾਇਆ ਗਿਆ। ਵੰਡਰਲੈਂਡ ਟੂਰ ਦੌਰਾਨ ਬੱਚਿਆਂ ਨੇ ਵਾਟਰ ਪਾਰਕ,ਝੂਲਿਆਂ ਅਤੇ ਹੋਰ ਕਈ ਤਰ੍ਹਾਂ ਦੇ ਈਵੈਂਟ ਨਾਲ ਆਨੰਦ ਮਾਣਿਆ। ਬੱਚਿਆਂ ਨੇ ਡਾਂਸਿੰਗ ਫਲੋਰ ਤੇ ਖੂਬ ਭੰਗੜੇ ਪਾ ਕੇ ਆਪਣੀ ਖੁਸ਼ੀ ਜਾਹਿਰ ਕੀਤੀ। ਬੱਚਿਆਂ ਵਾਸਤੇ ਖਾਣ ਪੀਣ ਦਾ ਵੀ ਵਧੀਆ ਪ੍ਰਬੰਧ ਕੀਤਾ ਗਿਆ। ਵੰਡਰਲੈਂਡ ਟੂਰ ਵਿੱਚ ਸੈਂਟ ਸੋਲਜਰ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ:ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ, ਅਤੇ ਅਧਿਆਪਕ ਸਾਹਿਬਾਨ ਵੀ ਸ਼ਾਮਿਲ ਹੋਏ ਜਿਨਾਂ ਨੇ ਬੱਚਿਆਂ ਨਾਲ ਰਲ ਕੇ ਖੂਬ ਮਨੋਰੰਜਨ ਕੀਤਾ ਅਤੇ ਖੂਬ ਆਨੰਦ ਮਾਣਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਰ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਇਹੋ ਜਿਹੇ ਟੂਰ ਸੈਂਟ ਸੋਲਜਰ ਸਕੂਲ ਲਗਾਤਾਰ ਕਰਦਾ ਆ ਰਿਹਾ ਹੈ ਇਸ ਦੇ ਨਾਲ ਅਧਿਆਪਕ ਅਤੇ ਬੱਚਿਆਂ ਦੇ ਵਿੱਚ ਪਿਆਰ ਅਤੇ ਨੇੜਤਾ ਵੱਧਦੀ ਹੈ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਵੀ ਕਿਹਾ ਕਿ ਇਸ ਤਰ੍ਹਾਂ ਟੂਰ ਦੌਰਾਨ ਬੱਚੇ ਬਹੁਤ ਖੁਸ਼ੀ ਜਾਹਿਰ ਕਰਦੇ ਹਨ ਅਤੇ ਬੱਚਿਆਂ ਦਾ ਦਿਮਾਗ ਤਾਜ਼ਾ ਰਹਿੰਦਾ ਹੈ ।ਹਰ ਸਾਲ ਅਸੀਂ ਬੱਚਿਆਂ ਨੂੰ ਇਹੋ ਜਿਹੇ ਟੂਰ ਕਰਵਾਉਂਦੇ ਰਹਿੰਦੇ ਹਾਂ। ਇਸ ਮੌਕੇ ਤੇ ਬੱਚਿਆਂ ਦੇ ਮਾਤਾ ਪਿਤਾ ਨੇ ਵੀ ਬੜੀ ਖੁਸ਼ੀ ਦਾ ਇਜ਼ਹਾਰ ਕੀਤਾ।।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਚੰਨਣਕੇ ਦੀਆਂ ਸੰਗਤਾਂ ਨੇ ਸੱਚਖੰਡ ਤਖਤ ਸ੍ਰੀ ਹਜ਼ੂਰ ਸਾਹਿਬ ਜੀ ਦੇ ਕੀਤੇ ਦਰਸਨ ਦੀਦਾਰੇ




**ਚੌਕ ਮਹਿਤਾ, 11 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੱਚਖੰਡ ਤਖਤ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ ਜੀ ਵਿੱਖੇ, ਪਿੰਡ ਚੰਨਣਕੇ ਦੀਆਂ ਸੰਗਤਾਂ ਵੱਲੋਂ ਇੱਕ ਬਹੁਤ ਵੱਡਾ ਜਥਾ ਰਵਾਨਾ ਹੋਇਆ। ਇਹ ਜਥਾ ਅੰਮ੍ਰਿ ਵੇਲੇ ਪਿੰਡ ਦੇ ਗੁਰਦੁਆਰੇ ਸਾਹਿਬ ਜੀ ਤੌ ਅਰਦਾਸ ਬੇਨਤੀ ਕਰਕੇ ਆਰੰਭ ਹੋਇਆ। ਜੈਕਾਰਿਆਂ ਦੀ ਉੱਚੀ ਧੁੰਨ ਵਿੱਚ ਰੇਲ ਗੱਡੀ ਵਿੱਚ ਬੈਠੇ, ਨਾਮ ਸਿਮਰਨ ਗੁਰਬਾਣੀ ਦੇ ਜਾਪੁ ਕਰਦੇ ਹੋਏ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਪਹੁੰਚਿਆ ਅੱਗੇ ਸੰਤ ਬਾਬਾ ਨਰਿੰਦਰ ਸਿੰਘ ਜੀ ਅਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਲੰਗਰ ਸਾਹਿਬ ਵਾਲਿਆਂ ਦੀਆਂ ਗੱਡੀਆਂ ਵਿੱਚ ਬੈਠਕੇ ਵਾਹਿਗੁਰੂ ਜੀ ਸਿਮਰਨ ਕਰਦੇ ਹੋਏ ਸਭ ਤੋਂ ਪਹਿਲਾਂ ਗੁਰਦੁਆਰਾ ਲੰਗਰ ਪਾਹੁੰਚਕੇ ਇਸਨਾਨ ਕਰਕੇ ਖੁੱਲੇ ਦਰਸਨ ਦੀਦਾਰੇ ਕਰ ਰਹੇ ਹਨ। ਇਸ ਜਥੇ ਵਿੱਚ ਲਖਵਿੰਦਰ ਸਿੰਘ ਪ੍ਰਧਾਨ, ਥਾਣੇਦਾਰ ਅੰਗਰੇਜ ਸਿੰਘ,ਚੇਅਰਮੈਨ ਰਾਜਵਿੰਦਰ ਸਿੰਘ ਰਾਜੂ, ਸਮਸੇਰ ਸਿੰਘ ਸੇਰਾ, ਕਰਨਬੀਰ ਸਿੰਘ, ਗਗਨ ਯਾਦਵ, ਅਭੀਜੋਤ ਸਿੰਘ ਬਾਠ, ਮੰਗਾ ਸਿੰਘ, ਲਵਰੋਜ ਸਿੰਘ, ਆਦਿ ਬੀਬੀਆਂ ਭੈਣਾ, ਧੀਆ ਬਹੁਤ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲ੍ਹਾ ਮੈਜਿਸਟ੍ਰੇਟ ਸੰਗਰੂਰ ਵੱਲੋਂ ਟਰੈਵਲ ਏਜੰਸੀ ਦਾ ਲਾਇਸੰਸ ਰੱਦ

**ਸੰਗਰੂਰ ( ਰਣਜੀਤ ਸਿੰਘ ਪੇਧਨੀ)**-ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਸੰਦੀਪ ਰਿਸ਼ੀ ਵੱਲੋਂ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਪੰਜਾਬ ਮਨੁੱਖੀ ਤਸਕਰੀ ਰੋਕੂ ਐਕਟ 2012 ਅਧੀਨ ਜਾਰੀ ਪੰਜਾਬ ਮਨੁੱਖੀ ਤਸਕਰੀ ਨਿਯਮ 2013 (ਸੋਧਿਆ ਨਾਮ ਟਰੈਵਲ ਪ੍ਰੋਫ਼ੈਸ਼ਨਲ ਰੈਗੂਲੇਸ਼ਨ) ਦੇ ਤਹਿਤ ਐਮ/ਐਸ ਜੀ.ਕੇ.ਟਰੈਵਲ ਸਾਹਮਣੇ ਅਲਾਹਾਬਾਦ ਬੈਂਕ, ਐਮ.ਕੇ ਬਾਈਪਾਸ ਧੂਰੀ, ਜ਼ਿਲ੍ਹਾ ਸੰਗਰੂਰ ਦੇ ਨਾਮ 'ਤੇ ਗੁਰਮੀਤ ਸਿੰਘ ਪੁੱਤਰ ਹਜੂਰਾ ਸਿੰਘ ਵਾਸੀ ਬਾਗੜੀਆਂ ਰੋਡ, ਮਕਾਨ ਨੰਬਰ: 27ਏ, ਵਾਰਡ ਨੰਬਰ 04 ਸੀ, ਧੂਰੀ, ਜ਼ਿਲ੍ਹਾ ਸੰਗਰੂਰ ਨੂੰ ਟਰੈਵਲ ਏਜੰਸੀ ਦਾ ਲਾਇਸੰਸ ਨੰਬਰ 51/ਡੀ.ਸੀ/ਐਮ.ਏ/ਸੰਗਰੂਰ/2018 ਨੂੰ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 31-10-2023 ਤੱਕ ਸੀ। ਪ੍ਰਾਰਥੀ ਵੱਲੋ ਲਿਖਤੀ ਦਰਖਾਸਤ ਪੇਸ਼ ਕੀਤੀ ਗਈ ਸੀ ਕਿ ਹੁਣ ਉਹ ਆਪਣਾ ਲਾਇਸੰਸ ਸਰੰਡਰ ਕਰਵਾਉਣਾ ਚਾਹੁੰਦਾ ਹੈ। ਇਹ ਲਾਇਸੰਸ ਕੈਂਸਲ ਕੀਤਾ ਜਾਵੇ। ਇਸ ਸਬੰਧੀ ਉਨ੍ਹਾਂ ਵੱਲੋਂ ਬਿਆਨ ਹਲਫੀਆ ਵੀ ਪੇਸ਼ ਕੀਤਾ ਗਿਆ ਹੈ। ਪੰਜਾਬ ਟਰੈਵਲ ਪ੍ਰੋਫ਼ੈਸ਼ਨਲ ਰੇਗੂਲੇਸ਼ਨ ਐਕਟ ਤਹਿਤ ਬਣੇ ਰੂਲਜ ਦੇ ਸਕੇਸ਼ਨ 8(1) ਮੁਤਾਬਕ ਪ੍ਰਾਰਥੀ ਦਾ ਲਾਇਸੰਸ ਰੱਦ ਕੀਤਾ ਜਾ ਸਕਦਾ ਹੈ। ਇਸ ਲਈ ਪ੍ਰਾਰਥੀ ਵੱਲੋਂ ਪ੍ਰਾਪਤ ਹੋਈ ਪ੍ਰਤੀਬੇਨਤੀ ਅਤੇ ਉਪਰੋਕਤ ਪ੍ਰਸਥਿਤੀਆਂ ਦੇ ਮੱਦੇਨਜ਼ਰ ਐਮ/ਐਸ ਜੀ.ਕੇ.ਟਰੈਵਲ, ਸਾਹਮਣੇ ਅਲਾਹਾਬਾਦ ਬੈਂਕ , ਐਮ.ਕੇ ਬਾਈਪਾਸ ਧੂਰੀ, ਜ਼ਿਲ੍ਹਾ ਸੰਗਰੂਰ ਦੇ ਨਾਮ 'ਤੇ ਗੁਰਮੀਤ ਸਿੰਘ ਪੁੱਤਰ ਹਜੂਰਾ ਸਿੰਘ ਵਾਸੀ ਬਾਗੜੀਆਂ ਰੋਡ, ਮਕਾਨ ਨੰਬਰ: 27ਏ, ਵਾਰਡ ਨੰਬਰ 04 ਸੀ, ਧੂਰੀ, ਜ਼ਿਲ੍ਹਾ ਸੰਗਰੂਰ ਨੂੰ ਜਾਰੀ ਟਰੈਵਲ ਏਜੰਸੀ ਦਾ ਲਾਇਸੰਸ ਨੰਬਰ 51/ਡੀ.ਸੀ/ਐਮ.ਏ/ਸੰਗਰੂਰ/2018 , ਪ੍ਰੋਫੈਸਨਲ ਰੇਗੂਲੇਸ਼ਨ ਦੇ ਸੈਕਸ਼ਨ 8 (1) ਤਹਿਤ ਤੁਰੰਤ ਪ੍ਰਭਾਵ ਤੋਂ ਰੱਦ ਕੀਤਾ ਜਾਂਦਾ ਹੈ। ਇਸ ਲਾਇਸੰਸ ਦੇ ਨਾਲ ਸਬੰਧਤ ਦੇ ਖਿਲਾਫ਼ ਕੋਈ ਸ਼ਿਕਾਇਤ/ਕੇਸ ਹੋਵੇਗਾ ਤਾਂ ਇਸ ਸਬੰਧੀ ਗੁਰਮੀਤ ਸਿੰਘ ਪੁੱਤਰ ਹਜੂਰਾ ਸਿੰਘ ਵਾਸੀ ਬਾਗੜੀਆਂ ਰੋਡ, ਮਕਾਨ ਨੰਬਰ: 27ਏ, ਵਾਰਡ ਨੰਬਰ 04 ਸੀ, ਧੂਰੀ, ਜ਼ਿਲ੍ਹਾ ਸੰਗਰੂਰ ਇਸ ਦਾ ਖੁਦ ਜ਼ਿੰਮੇਵਾਰ ਹੋਵੇਗਾ।

### ਹਲਕੇ ਦੇ ਖੇਤਾਂ ਤਕ ਨਹਿਰੀ ਪਾਣੀ ਪੁੱਜਦਾ ਕਰਨ ਲਈ

# ਕੰਮ ਜੰਗੀ ਪੱਧਰ 'ਤੇ ਜਾਰੀ: ਵਿਧਾਇਕ ਨਰਿੰਦਰ ਕੌਰ ਭਰਾਜ



**ਭਵਾਨੀਗੜ੍ਹ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ, ਪੰਜਾਬ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਰ ਖੇਤ ਤਕ ਨਹਿਰੀ ਪਾਣੀ ਪੁਜਦਾ ਕਰਨ ਦੇ ਕੀਤੇ ਵਾਅਦੇ ਨੂੰ ਪੂਰਾ ਕਰਨ ਹਿਤ ਵਿਧਾਨ ਸਭਾ ਹਲਕਾ ਸੰਗਰੂਰ ਦੇ ਖੇਤਾਂ ਤਾਈਂ ਨਹਿਰੀ ਪਾਣੀ ਪੁਜਦਾ ਕਰਨ ਲਈ ਵੱਖੋ-ਵੱਖ ਪ੍ਰੋਜੈਕਟਾਂ ਦੇ ਰੂਪ ਵਿੱਚ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ, ਜਿਸ ਦੀ ਲੜੀ ਤਹਿਤ ਹਲਕੇ ਦੇ ਪਿੰਡ ਨਰਾਇਣਗੜ੍ਹ ਵਿਖੇ ਕਰੀਬ 61 ਲੱਖ ਰੁਪਏ ਦੀ ਲਾਗਤ ਨਾਲ 5816 ਮੀਟਰ ਲੰਬੀ ਜ਼ਮੀਨਦੋਜ਼ ਪਾਈਪ ਲਾਈਨ ਪਾਉਣ ਦਾ ਕੰਮ ਚੱਲ ਰਿਹਾ ਹੈ। ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਕਰੀਬ 109 ਹੈਕਟੇਅਰ ਰਕਬੇ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ ਤੇ ਕਿਸਾਨਾਂ ਦੀਆਂ ਸਿੰਜਾਈ ਸਬੰਧੀ ਦਿੱਕਤਾਂ ਦੂਰ ਹੋਣਗੀਆਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਪਿੰਡ ਨਰਾਇਣਗੜ੍ਹ ਵਿਖੇ ਉਪਰੋਕਤ ਪ੍ਰੋਜੈਕਟ ਦੇ ਕੰਮ ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਨ੍ਹਾਂ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਹ ਪ੍ਰੋਜੈਕਟ ਤੈਅ ਸਮੇਂ ਵਿੱਚ ਮੁਕੰਮਲ ਕਰਨ ਦੀ ਹਦਾਇਤ ਵੀ ਦਿੱਤੀ। ਸ਼੍ਰੀਮਤੀ ਭਰਾਜ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਗ਼ਲਤ ਨੀਤੀਆਂ ਤੇ ਅਣਗਹਿਲੀਆਂ ਕਾਰਨ ਹਲਕਾ ਸੰਗਰੂਰ ਦੇ ਕਿਸਾਨ ਨਹਿਰੀ ਪਾਣੀ ਲਈ ਤਰਸਦੇ ਰਹੇ ਤੇ ਮਜਬੂਰੀ ਵਿੱਚ ਧਰਤੀ ਹੇਠਲਾ ਪਾਣੀ ਵਰਤ ਕੇ ਆਪਣੀਆਂ ਫ਼ਸਲਾਂ ਪਾਲਦੇ ਰਹੇ। ਬਹੁਤੀ ਵਾਰ ਤਾਂ ਬਿਜਲੀ ਨਾ ਆਉਣ ਕਰ ਕੇ ਮਹਿੰਗੇ ਭਾਅ ਦਾ ਡੀਜ਼ਲ ਫੂਕ ਕੇ ਉਨ੍ਹਾਂ ਨੂੰ ਆਪਣੀਆਂ ਫ਼ਸਲਾਂ ਪਾਲਣ ਲਈ ਮਜਬੂਰ ਹੋਣਾ ਪਿਆ। ਸੂਬੇ ਦੇ ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਖੁਦ ਖੇਤੀ ਕਰਦੇ ਰਹੇ ਹਨ। ਇਸ ਲਈ ਕਿਸਾਨਾਂ ਦੀਆਂ ਮੁਸ਼ਕਲਾਂ ਤੇ ਲੋੜਾਂ ਤੋਂ ਭਲੀਭਾਂਤ ਜਾਣੂੰ ਹਨ, ਜਿਸ ਸਦਕਾ ਜਿੱਥੇ ਉਨ੍ਹਾਂ ਨੇ ਹਰ ਖੇਤ ਤਕ ਨਹਿਰੀ ਪਾਣੀ ਪੁਜਦਾ ਕਰਨ ਵੱਲ ਤਰਜੀਹ ਦਿੱਤੀ ਹੈ, ਉਥੇ ਖੇਤਾਂ ਲਈ ਤੈਅ ਸਮੇਂ ਮੁਤਾਬਕ ਬਿਜਲੀ ਦੀ ਸਪਲਾਈ ਵੀ ਨਿਰਵਿਘਨ ਦਿੱਤੀ ਜਾ ਰਹੀ ਹੈ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਹਲਕਾ ਵਿਧਾਇਕ ਨੇ ਕਿਹਾ ਕਿ ਨਹਿਰੀ ਪਾਣੀ ਲੱਗਣ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਵਧੇਗੀ ਤੇ ਫ਼ਸਲਾਂ ਵੀ ਹੋਰ ਚੰਗੀਆਂ ਹੋਣਗੀਆਂ ਨਾਲੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ। ਜੇਕਰ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਪਾਣੀ ਹੀ ਨਾ ਬਚਾਅ ਸਕੇ ਤਾਂ ਆਉਣ ਵਾਲੀਆਂ ਨਸਲਾਂ ਸਾਨੂੰ ਕਦੇ ਮੁਆਫ਼ ਨਹੀਂ ਕਰਨਗੀਆਂ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਖੇਤਾਂ ਲਈ ਬਿਜਲੀ ਤੇ ਨਹਿਰੀ ਪਾਣੀ ਦੇਣ ਸਬੰਧੀ ਪੂਰਾ ਜ਼ੋਰ ਲਾ ਕੇ ਕੰਮ ਕੀਤਾ ਜਾ ਰਿਹਾ ਹੈ ਪਰ ਫਿਰ ਵੀ ਜੇਕਰ ਕਿਤੇ ਕਿਸੇ ਕਿਸਾਨ ਨੂੰ ਕੋਈ ਦਿੱਕਤ ਆਉਂਦੀ ਹੈ ਤਾਂ ਉਹ ਫੌਰੀ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ, ਕਿਸੇ ਵੀ ਮੁਸ਼ਕਲ ਦਾ ਹਰ ਸੰਭਵ ਹੱਲ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪਿੰਡਾਂ ਦੇ ਪੰਚ-ਸਰਪੰਚ, ਵੱਖੋ-ਵੱਖ ਅਹੁਦੇਦਾਰ, ਪਤਵੰਤੇ ਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਪਿੰਡ ਨਰਾਇਣਗੜ੍ਹ ਵਿਖੇ ਕਰੀਬ 61 ਲੱਖ ਰੁਪਏ ਦੀ ਲਾਗਤ ਨਾਲ ਪਾਈ ਜਾ ਰਹੀ 5816 ਮੀਟਰ ਲੰਬੀ ਜ਼ਮੀਨਦੋਜ਼ ਪਾਈਪ ਲਾਈਨ ਦੇ ਕੰਮ ਦਾ ਲਿਆ ਜਾਇਜ਼ਾ**

### ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਤੇ ਜੂਨ 1984 ਦੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ

# ਸਲਾਨਾ ਸ਼ਹੀਦੀ ਸਮਾਗਮ ਅਤੇ ਜੇਠ ਦੀ ਪੂਰਨਮਾਸ਼ੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ

**ਫ਼ਿਰੋਜ਼ਪੁਰ, 11 ਜੂਨ (ਮਨੋਹਰ ਲਾਲ) :—** ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਤੇ ਜੂਨ 1984 ਦੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ ਅਤੇ ਜੇਠ ਦੀ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠਾਂ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਸ਼ਹੀਦਾਂ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਤੇ ਭਾਈ ਇਕਬਾਲ ਸਿੰਘ ਲੰਗੇਆਣਾ ਵਾਲੇ, ਭਾਈ ਸਰਬਜੀਤ ਸਿੰਘ ਫਰੀਦਕੋਟ ਵਾਲੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਖੂਨਦਾਨ ਕੈਂਪ ਲਾਇਆ ਗਿਆ। ਇਸ ਤੋਂ ਇਲਾਵਾ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਛੋਲੇ ਪੂੜੀਆਂ ਦਾ ਲੰਗਰ ਲਾਇਆ ਗਿਆ। ਇਸ ਮੌਕੇ ਤੇ ਵੱਖ—ਵੱਖ ਆਗੂਆਂ ਨੇ ਵਾਹਿਗੁਰੂ ਸੱਚੇ ਪਾਤਸ਼ਾਹ ਅੱਗੇ ਅਰਦਾਸ ਬੇਨਤੀ ਕੀਤੀ ਕਿ ਹੇ ਵਾਹਿਗੁਰੂ ਸੱਚੇ ਪਾਤਸ਼ਾਹ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਦੇ ਸਰੀਰ ਤੇ ਜ਼ੋ ਵੀ ਕਸਟ ਆਇਆ ਹੈ, ਉਹ ਦੂਰ ਕਰੋ, ਕਿਉਂਕਿ ਬਾਬਾ ਜੀ ਦੀ ਖੱਬੀ ਲੱਤ ਦਾ ਖੂਨ ਦਾ ਸਰਕੂਲੇਸ਼ਨ ਬੰਦ ਹੋਇਆ ਹੈ, ਉਹ ਦੂਰ ਕੀਤਾ ਜਾਵੇ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਸਭ ਤੋਂ ਪਹਿਲਾਂ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ, ਜਿਹੜੇ ਕਿ ਏਨੀ ਗਰਮੀ ਵਿਚ ਗੁਰੂ ਘਰ ਵਿਚ ਹਾਜ਼ਰੀ ਭਰੀ। ਇਸ ਮੌਕੇ ਤੇ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਕਿਹਾ ਕਿ ਸਾਨੂੰ ਵਹਿਮਾਂ—ਭਰਮਾਂ ਤੋਂ ਉਪਰ ਉਠ ਕੇ ਗੁਰੂ ਦੀ ਸ਼ਰਨ ਵਿਚ ਰਹਿਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਗੁਰੂ ਲੜ ਲੱਗਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ, ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮਾਈ ਬਾਪ ਦੀ ਸੇਵਾ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਨੇ ਸਮੂਹ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਜੀਤ ਸਿੰਘ ਤੂਤ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।



ਆਵਾਜ਼ਿ ਕੌਮ AWAZE QAUM International Newspaper & WEB TV

## ਪੱਤਰਕਾਰ ਜਗਤਾਰ ਸਿੰਘ ਬੰਡਾਲਾ ਦੀ ਮਾਤਾ ਗਿਆਨ ਕੌਰ ਦੇ ਨਮਿਤ ਅੰਤਿਮ ਅਰਦਾਸ ਮੌਕੇ ਵੱਖ-ਵੱਖ ਰਾਜਨੀਤਕ ਧਾਰਮਿਕ ਸਖਸ਼ੀਅਤਾਂ ਹਾਜ਼ਰੀ ਭਰੀ



**ਜੰਡਿਆਲਾ ਗੁਰੂ 11 ਜੂਨ ( ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਤੋਂ ਥੋੜ੍ਹੀ ਦੂਰੀ ਤੇ ਵੱਸੇ ਪਿੰਡ ਬੰਡਾਲਾ ਤੋਂ ਜਗ ਬਾਣੀ ਦੇ ਪੱਤਰਕਾਰ ਜਗਤਾਰ ਸਿੰਘ ਬੰਡਾਲਾ ਦੀ ਮਾਤਾ ਸਰਦਾਰਨੀ ਗਿਆਨ ਕੌਰ ਜੀ ਬੀਤੇ ਦਿਨ ਆਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਇਸ ਸੰਸਾਰ ਨੂੰ ਸਦਾ ਲਈ ਅਲਵਿਦਾ ਆਖ ਕਿ ਆਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਤਿਨਾਂ ਦੀ ਆਤਮਿਕ ਸਾਂਤੀ ਲਈ ਉਨਾਂ ਦੇ ਗ੍ਰਹਿ ਵਿਖੇ ਤਿੰਨ ਰੋਜ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਸਰਧਾਂਜਲੀ ਸਮਾਰੋਹ ਅਤੇ ਅੰਤਿਮ ਅਰਦਾਸ ਬਾਬਾ ਦਲੀਪ ਸਿੰਘ ਮਸਤਾਂ ਦੇ ਦੀਵਾਨ ਹਾਲ ਵਿਖੇ ਹੋਈ !ਇਸ ਮੌਕੇ ਗੁਰੂ ਘਰ ਦੇ ਕੀਰਤਨੀਏ ਭਾਈ ਜੱਜ ਸਾਹਿਬ ਸਿੰਘ ਤੇ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਤੋਂ ਆਏ ਕੀਰਤਨੀ ਜਥੇ ਵੱਲੋਂ ਵੈਰਾਗਮਈ ਕੀਰਤਨ ਕਰਕੇ ਗੁਰੂ ਸਾਹਿਬ ਜੀ ਦੇ ਭਾਣੇ ਵਿੱਚ ਰਹਿਣ ਲਈ ਬੇਨਤੀ ਕੀਤੀ ਕੀਰਤਨ ਦੀ ਸਮਾਪਤੀ ਤੋਂ ਉਪਰੰਤ ਗੁਰੂ ਘਰ ਦੇ ਗ੍ਰਥੀ ਸਿੰਘ ਭਾਈ ਸਾਹਿਬ ਜੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਵਿਛੜੀ ਰੂਹ ਦੇ ਪ੍ਰਥਾਏ ਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਇਸ ਸ਼ਰਧਾਂਜਲੀ ਸਮਾਰੋਹ ਮੌਕੇ ਪਹੁੰਚੀਆਂ ਸੰਗਤਾਂ ਦਾ ਓਂਕਾਰ ਸਿੰਘ ਬੰਡਾਲਾ ਵਲੋਂ ਧੰਨਵਾਦ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਮਾਤਾ ਪਿਤਾ ਦਾ ਸਿਰ ਤੋਂ ਸਾਇਆ ਉਠ ਜਾਣਾ ਭੈਣ ਭਰਾਵਾਂ ਲਈ ਬਹੁਤ ਦੁਖਦਾਈ ਹੁੰਦਾ ਹੈ, ਸਿਆਣਾ ਵਿਅਕਤੀ ਹਮੇਸ਼ਾ ਆਪਣੇ ਪਰਿਵਾਰ ਨੂੰ ਸਹੀ ਸੇਧ ਦਿੰਦਾ ਹੈ। ਇਸ ਮੌਕੇ ਤੇ ਹਲਕਾ ਜੰਡਿਆਲਾ ਦੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ, ਅੰਮ੍ਰਿਤਸਰ ਦਿਹਾਤੀ ਪ੍ਰਧਾਨ ਕਾਂਗਰਸ ਅਵਤਾਰ ਸਿੰਘ ਟੱਕਰ, ਕੈਬਨਿਟ ਮੰਤਰੀ ਹਰਭਜਨ ਸਿੰਘ ਦੇ ਭਰਾ ਸਤਿੰਦਰ ਸਿੰਘ, ਸ਼ਹਿਰੀ ਪ੍ਰਧਾਨ ਸਰਬਜੀਤ ਸਿੰਘ ਡਿੰਪੀ, ਹਰਜੀਤ ਸਿੰਘ ਚੇਅਰਮੈਨ, ਕੁਲਦੀਪ ਸਿੰਘ ਬਾਠ, ਹਲਕਾ ਜੰਡਿਆਲਾ ਗੁਰੂ ਤੋਂ ਭਾਜਪਾ ਦੇ ਇੰਚਾਰਜ ਹਰਦੀਪ ਸਿੰਘ ਗਿੱਲ ਅਮਰੀਕ ਸਿੰਘ ਬਾਠ,ਭੁਪਿੰਦਰ ਸਿੰਘ ਸਿੱਧੂ, ਲਖਬੀਰ ਸਿੰਘ ਗਿੱਲ, ਸਤਿੰਦਰਬੀਰ ਸਿੰਘ ਪੀਟਰ, ਰਾਮ ਸ਼ਰਨਜੀਤ ਸਿੰਘ,ਸਿਮਰਤਪਾਲ ਸਿੰਘ ਬੇਦੀ, ਅਮ੍ਰਿਤਪਾਲ ਸਿੰਘ ਬੇਦੀ,ਪ੍ਰਮਿੰਦਰ ਸਿੰਘ ਜੋਸਨ, ਰਾਜਬੀਰ ਸਿੰਘ ਨਵਾਂ ਪਿੰਡ, ਅਵਤਾਰ ਸਿੰਘ ਜਾਣੀਆਂ ਮੁੱਖ ਬੁਲਾਰਾ, ਸਰਪੰਚ ਜੁਝਾਰ ਸਿੰਘ, ਅੰਗਰੇਜ਼ ਸਿੰਘ ਹੁੰਦਲ ,ਸਰਪੰਚ ਪ੍ਰਗਟ ਸਿੰਘ ਬੱਬਾ, ਸਰਪੰਚ ਸਲਵਿੰਦਰ ਸਿੰਘ ਭੋਲਾ, ਸਰਪੰਚ ਪਰਮਜੀਤ ਸਿੰਘ,ਡਾ ਦਵਿੰਦਰ ਸਿੰਘ, ਡਾ ਤਰਸੇਮ ਸਿੰਘ,ਹਰਜਿੰਦਰ ਸਿੰਘ ਕਲੇਰ, ਜਸਬੀਰ ਸਿੰਘ ਭੋਲਾ, ਨਿਰਵੈਲ ਸਿੰਘ ਕਾਲਾ, ਗੁਰਮੀਤ ਸਿੰਘ ਡੀਜੇ ਵਾਲੇ, ਰਾਜਵਿੰਦਰ ਸਿੰਘ ਰਾਜ ਹੁੰਦਲ, ਜਸਪਾਲ ਸਿੰਘ ਜੱਸ ਦਾਲਮ, ਸਾਹਿਬ ਸਿੰਘ ਲਵਲੀ ,ਡਾ ਚਮਕੌਰ ਸਿੰਘ, ਮਲਕੀਤ ਸਿੰਘ ਕਾਕਾ, ਬਲਵਿੰਦਰ ਸਿੰਘ ਲਾਡੀ ਦਰਜ਼ੀ, ਸਤਿੰਦਰ ਸਿੰਘ ਅਠਵਾਲ, ਪ੍ਰਗਟ ਸਿੰਘ ਘਣਗੱਸ, ਗੁਰਦੇਵ ਸਿੰਘ ਮਨਜੋਤਰਾ, ਗੁਰਦੇਵ ਸਿੰਘ ਮੱਲ੍ਹੀ, ਸੁਖਜਿੰਦਰ ਸਿੰਘ ਸੋਨੂੰ, ਲਖਬੀਰ ਸਿੰਘ ਪੀ,ਟੀ, ਸਵਿੰਦਰ ਸਿੰਘ ਲਹੌਰੀਆ, ਅਨਿਲ ਕੁਮਾਰ,ਆਦਿ ਸਮੂਹ ਸੰਗਤ ਵੱਡੀ ਗਿਣਤੀ ਵਿਚ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਹਾ ਹਾ ਬੀ ਹੈਪੀ ਗਰੁੱਪ ਫਿਰੋਜ਼ਪੁਰ ਤੇ ਫਿਰੋਜ਼ਪੁਰ ਜਿਲਾ ਯੋਗਾ ਐਸੋਸੀਏਸ਼ਨ ਮਨਾਏਗਾ ਵਿਸ਼ਵ ਯੋਗਾ ਦਿਵਸ—ਡਾ: ਸੁਰਿੰਦਰ ਸਿੰਘ ਕਪੂਰ



ਫ਼ਿਰੋਜ਼ਪੁਰ, 11 ਜੂਨ (ਮਨੋਹਰ ਲਾਲ) :— ਮੈਨੂੰ ਇਹ ਦਸਦਿਆ ਹੋਏ ਮਾਨ ਮਹਿਸੂਸ ਹੋ ਰਿਹਾ ਹੈ ਕਿ ਹਾ ਹਾ ਬੀ ਹੈਪੀ ਯੋਗਾ ਗਰੁੱਪ ਅਤੇ ਫਿਰੋਜ਼ਪੁਰ ਜਿਲਾ ਯੋਗਾ ਐਸੋਸੀਏਸ਼ਨ ਮਿਲ ਕੇ ਵਿਸ਼ਵ ਯੋਗਾ ਦਿਵਸ ਮਨਾ ਰਹੇ ਹਾਂ। ਇਹ ਵਿਚਾਰ ਸਾਂਝੇ ਕਰਦਿਆਂ ਡਾ: ਸੁਰਿੰਦਰ ਸਿੰਘ ਕਪੂਰ ਨੇ ਦੱਸਿਆ ਕਿ ਹਾ ਹਾ ਬੀ ਹੈਪੀ ਗਰੁੱਪ ਦੇ ਸਕੱਤਰ ਵਜੋਂ, ਇਹ ਮੇਰੇ ਲਈ ਮਾਣ ਦੀ ਗੱਲ ਹੈ ਕਿ ਅਸੀਂ ਸਾਰੇ ਮਿਲ ਕੇ ਯੋਗਾ ਦੀ ਇਸ ਅਦੁੱਤੀ ਰਾਹ ਨੂੰ ਜੀਵਨ ਵਿਚ ਲਿਆਉਣ ਦੀ ਕੋਸ਼ਿਸ਼ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਯੋਗਾ ਸਿਰਫ਼ ਆਸਨ ਜਾਂ ਕਸਰਤ ਨਹੀਂ, ਇਹ ਇੱਕ ਜੀਵਨ ਜੀਊਣ ਦੀ ਕਲਾ ਹੈ। ਇਹ ਸਾਨੂੰ ਸਰੀਰ, ਮਨ ਤੇ ਆਤਮਾ ਨੂੰ ਇਕ—ਦੂਜੇ ਨਾਲ ਜੋੜਨਾ ਸਿਖਾਉਂਦਾ ਹੈ। ਅੱਜ ਦੀ ਤੇਜ਼ ਰਫ਼ਤਾਰ ਜ਼ਿੰਦਗੀ ਵਿੱਚ ਜਦ ਤਣਾਅ ਤੇ ਉਲਝਣਾਂ ਆਮ ਹੋ ਗਈਆਂ ਹਨ, ਯੋਗ ਸਾਨੂੰ ਸਾਡੀ ਅੰਦਰਲੀ ਸ਼ਾਂਤੀ ਵੱਲ ਵਾਪਸ ਲੈ ਜਾਂਦਾ ਹੈ, ਅਸੀਂ ਅਕਸਰ ਤਣਾਅ, ਚਿੰਤਾ ਅਤੇ ਬਿਮਾਰੀਆਂ ਨਾਲ ਘਿਰੇ ਰਹਿੰਦੇ ਹਾਂ, ਪਰ ਯੋਗਾ ਸਾਨੂੰ ਇੱਕ ਕੁਦਰਤੀ, ਨਿਸ਼ੁਲਕ ਤੇ ਹਰ ਕਿਸੇ ਲਈ ਆਪਣੇ ਜੀਵਨ ਨੂੰ ਸੁਧਾਰਨ ਦਾ ਉਪਲਬਧ ਢੰਗ ਦਿੰਦਾ ਹੈ। ਉਨ੍ਹਾਂ ਕਿਹਾ ਕਿ 19 ਤੋਂ 21 ਜੂਨ 2025 ਤੱਕ ਸਵੇਰੇ 5:30 ਤੋਂ 6:45 ਸਵੇਰ ਤੱਕ ਅਨਿਲ ਬਾਗੀ ਪਾਰਕ, ਨਾਮਦੇਵ ਚੌਕ, ਫਿਰੋਜ਼ਪੁਰ ਸ਼ਹਿਰ ਵਿੱਚ ਹੋ ਰਹੇ ਇਸ ਮੁਫ਼ਤ ਯੋਗ ਸ਼ਿਵਰ ਰਾਹੀਂ ਸਾਡਾ ਉਦੇਸ਼ ਹੈ ਕਿ ਅਸੀਂ ਯੋਗ ਦੇ ਚਾਨਣ ਨੂੰ ਹਰ ਘਰ ਹਰ ਵਿਅਕਤੀ ਤੱਕ ਲੈ ਜਾਈਏ। ਆਓ ਇਹ ਸ਼ਿਵਰ ਸਿਰਫ਼ ਤਿੰਨ ਦਿਨਾਂ ਦੀ ਘਟਨਾ ਨਾ ਰਹੇ, ਸਗੋਂ ਸੱਚੀ ਤਬਦੀਲੀ ਦੀ ਸ਼ੁਰੂਆਤ ਬਣੇ। ਡਾ: ਕਪੂਰ ਨੇ ਕਿਹਾ ਕਿ ਜਿਵੇਂ ਸਾਡੇ ਪ੍ਰਧਾਨ ਮੰਤਰੀ ਜੀ ਨੇ ਕਿਹਾ ਸੀ ਯੋਗ ਭਾਰਤ ਦੀ ਪ੍ਰਾਚੀਨ ਪਰੰਪਰਾ ਦਾ ਇੱਕ ਅਮੁੱਲਾ ਤੋਹਫਾ ਹੈ, ਇਹ ਮਨ ਅਤੇ ਸਰੀਰ ਦੀ ਏਕਤਾ, ਵਿਚਾਰ ਅਤੇ ਕਿਰਿਆ ਦੀ ਏਕਤਾ ਦਾ ਪ੍ਰਤੀਕ ਹੈ, ਆਓ ਅਸੀਂ ਇਸ ਵਿਰਾਸਤ ਤੇ ਮਾਣ ਕਰੀਏ ਅਤੇ ਇਸ ਦੀ ਰਾਖੀ ਦੀ ਜ਼ਿੰਮੇਵਾਰੀ ਵੀ ਨਿਭਾਈਏ। ਮੈਂ ਤੁਹਾਨੂੰ ਸੱਦਾ ਦਿੰਦਾ ਹਾਂ—ਖੁੱਲ੍ਹੇ ਮਨ ਨਾਲ, ਖੁੱਲ੍ਹੇ ਦਿਲ ਨਾਲ ਤੇ ਆਪਣੇ ਸੁਖ—ਸਮਾਧਾਨ ਲਈ ਆਓ। ਆਓ ਅਸੀਂ ਇਕ—ਦੂਜੇ ਨੂੰ ਪ੍ਰੇਰਿਤ ਕਰੀਏ, ਸੱਚੇ ਦਿਲੋਂ ਯੋਗ ਦਾ ਜਸ਼ਨ ਮਨਾਈਏ—ਨਾ ਕਿ ਸਿਰਫ ਇੱਕ ਦਿਨ ਲਈ, ਸਗੋਂ ਹਰ ਰੋਜ਼।

ਆਵਾਜ਼ਿ ਕੌਮ AWAZE QAUM International Newspaper & WEB TV




ਪੰਜਾਬ ਮਨੁੱਖੀ ਅਧਿਕਾਰ ਸੰਗਠਨ ਵੱਲੋਂ ਬਠਿੰਡਾ ਤੇ ਮੰਡੌੜ ਵਿਖੇ

# ਪੁਲਿਸ ਹਿਰਾਸਤ ਅਤੇ ਮੁਕਾਬਲੇ ਵਿਚ ਮੌਤਾਂ ਦੀ ਜਾਂਚ ਕਰਨ ਦਾ ਫੈਸਲਾ



**ਚੰਡੀਗੜ੍ਹ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਜਸਟਿਸ (ਰਿਟਾ.) ਰਣਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਅੱਜ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੇ ਸੂਬਾਈ ਆਗੂਆਂ ਦੀ ਮੀਟਿੰਗ ਵਿਚ ਪੰਜਾਬ ਅੰਦਰ ਪੁਲਿਸ ਜ਼ਿਆਦਤੀਆਂ, ਪੁਲਿਸ ਹਿਰਾਸਤ 'ਚ ਮੌਤਾਂ ਅਤੇ ਝੂਠੇ ਕੇਸ ਮੜ੍ਹਨ ਸਬੰਧੀ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ। ਮੀਟਿੰਗ ਵਿਚ ਸੰਗਠਨ ਵੱਲੋਂ ਬਠਿੰਡਾ ਤੇ ਮੰਡੌੜ ਵਾਲੇ ਪੁਲਿਸ ਮੁਕਾਬਲੇ ਤੇ ਹਿਰਾਸਤ ਵਿਚ ਹੋਈਆਂ ਮੌਤਾਂ ਦੀਆਂ ਘਟਨਾਵਾਂ ਦੀ ਜਾਂਚ ਕਰਨ ਦਾ ਫੈਸਲਾ ਕੀਤਾ ਗਿਆ।

ਦੋ ਹਫਤੇ ਪਹਿਲਾਂ, ਬਠਿੰਡਾ ਸੀ. ਆਈ ਏ ਸਟਾਫ ਵੱਲੋਂ ਅੰਗਰੇਜ਼ੀ ਦੇ ਅਧਿਆਪਕ ਨਰਿੰਦਰਦੀਪ ਸਿੰਘ ਨੂੰ ਅਣ-ਮਨੁੱਖੀ ਤਸੀਹੇ ਦਿੱਤੇ ਗਏ ਜਿਸ ਕਾਰਨ ਉਸ ਦੀ ਪੁਲਿਸ ਹਿਰਾਸਤ ਵਿੱਚ ਮੌਤ ਹੋ ਗਈ।

ਦੂਸਰੀ ਘਟਨਾ ਵਿੱਚ ਸ਼ੀਹਾਂ ਦੌਦ ਪਿੰਡ ਦੇ ਨਿਵਾਸੀ ਅਤੇ ਕੈਨੇਡਾ ਦੇ ਵਸਨੀਕ ਜਸਪ੍ਰੀਤ ਸਿੰਘ ਨੂੰ ਮਾਰਚ ਵਿੱਚ ਪਟਿਆਲਾ ਪੁਲਿਸ ਨੇ "ਪੁਲਿਸ ਮੁਕਾਬਲੇ" ਵਿੱਚ ਮਾਰ ਦਿੱਤਾ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਜਥੇਬੰਦੀ ਦੇ ਕੰਮ ਨੂੰ ਵਧੇਰੇ ਅਸਰਦਾਰ ਬਣਾਉਣ ਲਈ ਮੈਂਬਰਸ਼ਿਪ ਮੁਹਿੰਮ ਨੂੰ ਤੇਜ਼ ਕਰਨ ਤੇ ਪੰਜਾਬ ਅੰਦਰ ਆਰਜ਼ੀ ਤੌਰ 'ਤੇ ਜ਼ਿਲ੍ਹਾ ਕਮੇਟੀਆਂ ਦਾ ਗਠਨ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿਚ ਪੰਜਾਬ ਅੰਦਰ ਕਾਨੂੰਨ ਦਾ ਰਾਜ ਸਥਾਪਤ ਕਰਨ ਤੇ ਮਨੁੱਖੀ ਹੱਕਾਂ ਦੀ ਰਾਖੀ ਲਈ ਚਿੰਤਤ ਸਾਰੇ ਵਿਅਕਤੀਆਂ ਨੂੰ ਜਥੇਬੰਦੀ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।

ਇਸ ਮੀਟਿੰਗ ਵਿਚ ਮਾਲਵਿੰਦਰ ਸਿੰਘ ਮਾਲੀ, ਐਡਵੋਕੇਟ ਰਾਜਵਿੰਦਰ ਸਿੰਘ ਬੈਂਸ, ਦਿਲਾਵਰ ਸਿੰਘ, ਤਰਜਿੰਦਰ ਸਿੰਘ, ਡਾ. ਪਿਆਰਾ ਲਾਲ ਗਰਗ ਅਤੇ ਡਾ. ਖੁਸ਼ਹਾਲ ਸਿੰਘ ਸ਼ਾਮਲ ਹੋਏ।

# ਫ਼ਿਰੋਜ਼ਪੁਰ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਜਲਦ ਸ਼ੁਰੂ ਹੋਵੇ ਰੇਲ ਯਾਤਰਾ—ਸਮਾਜ ਸੇਵੀ

**ਫ਼ਿਰੋਜ਼ਪੁਰ, 11 ਜੂਨ (ਮਨੋਹਰ ਲਾਲ)** :— ਕੁਲ ਦੁਨਿਆਂ ਵਿਚ ਵਿਲੱਖਣ ਸਥਾਨ ਰੱਖਣ ਵਾਲੇ ਸ੍ਰੀ ਅੰਮ੍ਰਿਤਰ ਸਾਹਿਬ ਵਿਖੇ ਹਰ ਵਿਅਕਤੀ ਦੀਆਂ ਧਾਰਮਿਕ ਆਸਥਾ ਜੁੜੀਆਂ ਹੋਈਆਂ ਹਨ ਅਤੇ ਲੰਬੇ ਅਰਸੇ ਤੋਂ ਸਮੇਂ ਦੇ ਹਾਕਮਾਂ ਵੱਲੋਂ ਫ਼ਿਰੋਜ਼ਪੁਰ ਤੋਂ ਅੰਮ੍ਰਿਤਸਰ ਰੇਲ ਲਾਈਨ ਪਾਸ ਹੋਣ ਦੀ ਪੁਸ਼ਟੀ ਕੀਤੀ ਹੈ, ਪਰ 10 ਤੋਂ 15 ਸਾਲ ਬੀਤ ਜਾਣ ਦੇ ਬਾਵਜੂਦ ਇਹ



ਆਵਾਜ਼ਿ ਕੌਮ AWAZE QAUM International Newspaper & WEB TV

ਰੇਲ ਲਾਈਨ ਪਾਈ ਨਹੀਂ ਗਈ, ਜਿਸ ਕਰਕੇ ਲੋਕਾਂ ਵਿਚ ਰੋਹ ਦੀ ਲਹਿਰ ਦੌੜ ਰਹੀ ਹੈ। ਅੱਜ ਗੱਲਬਾਤ ਕਰਦਿਆਂ ਜਾਗੋ ਪੇਰੈਂਟਸ ਜਾਗੋ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਜਗਨਦੀਪ ਜ਼ੋਨੀ, ਚੇਅਰਮੈਨ ਹਰੀ ਰਾਮ ਖਿੰਦੜੀ, ਪਰਮਿੰਦਰ ਸਿੰਘ ਸੈਕਟਰੀ, ਅਸ਼ਵਨੀ ਸ਼ਰਮਾ, ਪ੍ਰਤਾਪ ਫ਼ਿਰੋਜ਼ਪੁਰ ਸੈਨ ਸਮਾਜ ਅਤੇ ਵਿਨੋਦ ਕੁਮਾਰ ਨੇ ਦੱਸਿਆ ਕਿ ਫ਼ਿਰੋਜ਼ਪੁਰ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਬਿਨ੍ਹਾਂ ਦੇਰੀ ਰੇਲ ਯਾਤਰਾ ਸ਼ੁਰੂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਿਥੇ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ—ਦੀਦਾਰੇ ਕਰਨ ਲਈ ਸੰਗਤਾਂ ਨੇ ਜਾਣਾ ਹੁੰਦਾ ਹੈ, ਉਥੇ ਵਪਾਰੀਆਂ ਲਈ ਵੀ ਇਹ ਇਲਾਕਾ ਕਾਫੀ ਲਾਹੇਵੰਦਾ ਸਾਬਿਤ ਹੁੰਦਾ ਹੈ, ਪਰ ਰੇਲ ਯਾਤਰਾ ਨਾ ਹੋਣ ਕਰਕੇ ਧਰਮ ਪ੍ਰੇਮੀਆਂ ਸਮੇਤ ਵਪਾਰੀਆਂ ਨੂੰ ਕਈ ਤਰ੍ਹਾਂ ਦੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਕਰੀਬ 10 ਤੋਂ 15 ਸਾਲ ਪਹਿਲਾਂ ਪਾਸ ਹੋ ਚੁੱਕੀ ਇਸ ਰੂਟ ਦੀ ਰੇਲ ਲਾਈਨ ਜਲਦ ਚਲਾਈ ਜਾਵੇ। ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀਆਂ ਨੂੰ ਸਰਕਾਰ ਤੋਂ ਉਮੀਦ ਹੈ ਕਿ ਸਰਕਾਰ ਜਲਦ ਤੋਂ ਜਲਦ ਇਸ ਰੂਟ ਤੇ ਰੇਲ ਸੇਵਾ ਸ਼ੁਰੂ ਕਰਕੇ ਇਲਾਕਾ ਨਿਵਾਸੀਆਂ ਦੀ ਮੰਗ ਪੂਰੀ ਕਰੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਟੈਕਨੀਕਲ ਸਰਵਿਸਜ਼ ਯੂਨੀਅਨ ਦੀ ਸੂਬਾ ਕਾਰਜਕਾਰੀ ਕਮੇਟੀ ਦੀ ਹੋਈ ਮੀਟਿੰਗ

# ਲੁਧਿਆਣਾ ਵਿਖੇ ਵਿਸ਼ਾਲ ਰੈਲੀ ਤੇ ਰੋਸ ਮਾਰਚ ਕਰਨ ਦਾ ਐਲਾਨ



ਜਲੰਧਰ 8 ਜੂਨ (**ਆਵਾਜ਼ਿ ਕੌਮ ਬਿਊਰੋ**)- ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਟੈਕਨੀਕਲ ਸਰਵਿਸਜ਼ ਯੂਨੀਅਨ ਦੀ ਸੂਬਾ ਕਾਰਜਕਾਰੀ ਕਮੇਟੀ ਦੀ ਮੀਟਿੰਗ ਜਲੰਧਰ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਸਾਥੀ ਕੁਲਦੀਪ ਸਿੰਘ ਉਦੋਕੇ (ਕਨਵੀਨਰ ਸੂਬਾ ਕਮੇਟੀ) ਨੇ ਕੀਤੀ।ਮੀਟਿੰਗ ਵਿੱਚ ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਬਹੁਤ ਲੰਮੇ ਸਮੇਂ ਬਾਅਦ ਆਜ਼ਾਦ ਤੌਰ ਤੇ ਬੀਤੀ 23 ਮਈ 2005 ਨੂੰ ਹੈਡ ਆਫਿਸ ਪਟਿਆਲਾ ਦੇ ਸਾਹਮਣੇ ਹਜ਼ਾਰਾਂ ਦੀ ਗਿਣਤੀ ਵਿੱਚ ਦਿੱਤੇ ਕਾਮਯਾਬ ਵਿਸ਼ਾਲ ਧਰਨੇ ਦਾ ਰੀਵਿਊ ਕੀਤਾ ਗਿਆ ਤੇ ਪੰਜਾਬ ਦੇ ਸਮੂਹ ਸਾਥੀਆਂ ਦਾ ਧੰਨਵਾਦ ਕੀਤਾ ਗਿਆ।ਮੀਟਿੰਗ ਵਿੱਚ ਹਰਪ੍ਰੀਤ ਸਿੰਘ ਕਨਵੀਨਰ,ਦਲਬੀਰ ਸਿੰਘ ਜੌਹਲ ਸੂਬਾ ਕੈਸ਼ੀਅਰ,ਕੁਲਦੀਪ ਸਿੰਘ ਖੰਨਾ ਮੁੱਖ ਸਲਾਹਕਾਰ,ਸੰਜੀਵ ਕੁਮਾਰ,ਸੁਰਿੰਦਰ,ਲਖਬੀਰ ਸਿੰਘ, ਸ਼ਿੰਗਾਰ ਚੰਦ,ਸਿੰਦਰ ਸਿੰਘ ਤੇ ਅਧਾਰਤ ਸੂਬਾ ਕਮੇਟੀ ਨੇ ਆਪਣੇ ਜੋਨਲ ਪ੍ਰਧਾਨ,ਸਕੱਤਰ ਸਾਰੇ ਸਰਕਲ ਪ੍ਰਧਾਨ/ਸਕੱਤਰ ਸਾਰੇ ਸਰਕਲ ਪ੍ਰਧਾਨ ਤੇ ਹੋਰ ਐਗਜੈਕਟਿਵ ਕਮੇਟੀ ਮੈਂਬਰਾਂ ਦੀ ਹਾਜ਼ਰੀ ਵਿੱਚ ਫੈਸਲਾ ਕੀਤਾ ਕਿ ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਉਣ ਤੇ ਆਪਣੀਆਂ ਮਹੱਤਵਪੂਰਨ ਮੰਗਾਂ ਦੇ ਨਿਪਟਾਰੇ ਲਈ 9 ਜੂਨ 2025 ਤੋਂ 13 ਜੂਨ 2025 ਤੱਕ ਡਵੀਜ਼ਨ ਪੱਧਰ ਤੇ ਧਰਨੇ ਲਾਉਣ ਤੋਂ ਬਾਅਦ 17 ਜੂਨ 2025 ਨੂੰ ਲੁਧਿਆਣਾ ਵਿਖੇ ਵਿਸ਼ਾਲ ਰੈਲੀ ਤੇ ਰੋਸ ਮਾਰਚ ਕੀਤਾ ਜਾਵੇਗਾ। ਮੀਟਿੰਗ ਵਿੱਚ ਇਸ ਗੱਲ ਨੂੰ ਗੰਭੀਰਤਾ ਨਾਲ ਵਿਚਾਰਿਆ ਗਿਆ ਕਿ ਬਿਜਲੀ ਕਰਮਚਾਰੀਆਂ ਦੀਆਂ ਮਹੱਤਵਪੂਰਨ ਮੰਗਾਂ ਜਿਵੇਂ 1-1-2016 ਤੋਂ 3-6-2021 ਤੱਕ ਦਾ ਏਰੀਅਰ ਤੁਰੰਤ ਰਿਲੀਜ਼ ਕਰਨਾ,ਸੀ.ਆਰ.ਏ 249/04,295/19,267/11,281/13 ਨਾਲ ਸਬੰਧਤ ਸਾਥੀਆਂ ਦੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕਰਨਾ,ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨੀ, 2020 ਤੋਂ ਬਾਅਦ ਭਰਤੀ ਹੋਏ ਸਾਰੇ ਮੁਲਾਜ਼ਮਾਂ ਤੇ ਬਿਜਲੀ ਨਿਗਮ ਦੇ ਸਕੇਲ ਵੀ ਲਾਗੂ ਕਰਨੇ,ਕਾਰਪੋਰੇਟ ਤੇ ਲੱਗੇ ਸਾਰੇ ਕਾਮਿਆਂ ਨੂੰ ਰੈਗੂਲਰ ਕਰਨਾ ਆਦਿ ਦੇ ਹੱਲ ਕਰਨ ਤੋਂ ਪਾਵਰ ਕਾਮ ਦੀ ਮੈਨੇਜਮੈਂਟ ਲਗਾਤਾਰ ਟਾਲਾ ਵੱਟ ਰਹੀ ਹੈ।ਇਸ ਲਈ ਲੁਧਿਆਣਾ ਵਿਖੇ ਜਿੱਥੇ ਚੋਣ ਦੰਗਲ ਚੱਲ ਰਿਹਾ ਹੈ ਉੱਥੇ ਜਥੇਬੰਦੀ 17 ਜੂਨ ਨੂੰ ਪੂਰੇ ਪੱਛਮੀ ਹਲਕੇ ਦੇ ਬਜ਼ਾਰਾਂ ਵਿੱਚ ਜੋਰ ਦਾਰ ਝੰਡਾ ਮਾਰਚ ਕਰਕੇ ਆਪਣੀ ਅਵਾਜ਼ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਤੱਕ ਪਹੁੰਚਾਉਣਗੇ।

# ਕਾਰ ਦੀ ਜ਼ਬਰਦਸਤ ਟੱਕਰ ਵੱਜਣ ਕਾਰਨ ਇੱਕ ਮੋਟਰਸਾਈਕਲ ਚਾਲਕ ਦੀ ਮੌਤ



ਧਨੌਲਾ, 8 ਜੂਨ (ਆਵਾਜ਼ਿ ਕੌਮ ਬਿਊਰੋ)- ਬੀਤੀ ਸ਼ਾਮ ਕਰੀਬ 5 ਵਜੇ ਧਨੌਲਾ ਬਰਨਾਲਾ ਕੌਮੀ ਮਾਰਗ ਤੇ ਮਾਨਾਂ ਪਿੰਡੀ ਕੋਲ ਮੋਟਰਸਾਈਕਲ ਚਾਲਕ ਦੇ ਪਿੱਛੋਂ ਜ਼ਬਰਦਸਤ ਤਰੀਕੇ ਨਾਲ ਕਾਰ ਵੱਜਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਜਾਣ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਜਾਣਕਾਰੀ ਅਨੁਸਾਰ ਬਲਵਿੰਦਰ ਸਿੰਘ 43 ਪੁੱਤਰ ਮਲਕੀਤ ਸਿੰਘ ਵਾਸੀ ਪਿੰਡ ਅਤਰਗੜ੍ਹ ਜੋ ਬਰਨਾਲਾ ਵੱਲੋਂ ਕੌਮੀ ਮਾਰਗ ਬਰਨਾਲਾ ਧਨੌਲਾ ਰਾਹੀਂ ਸ਼ਾਮ 5 ਵਜੇ ਦੇ ਕਰੀਬ ਆਪਣੇ ਮੋਟਰਸਾਈਕਲ ਨੰਬਰ ਪੀ.ਬੀ. 19 ਕੇ -5311 ਤੇ ਸਵਾਰ ਹੋ ਕੇ ਵਾਪਿਸ ਆਪਣੇ ਪਿੰਡ ਅਤਰਗੜ੍ਹ ਆ ਰਿਹਾ ਸੀ ਜਿਓਂ ਹੀ ਉਹ ਮਾਨਾਂ ਪਿੰਡੀ ਕੋਲ ਪਹੁੰਚਿਆ ਤਾਂ ਪਿੱਛੋਂ ਆ ਰਹੀ ਤੇਜ਼ ਰਫ਼ਤਾਰ ਕਾਰ ਨੰਬਰ ਪੀ.ਬੀ. 13 ਬੀ.ਐਮ.-3729 ਅੱਗੇ ਜਾ ਰਹੇ ਮੋਟਰਸਾਈਕਲ ਨਾਲ ਜਬਰਦਸਤ ਤਰੀਕੇ ਨਾਲ ਟਕਰਾਉਣ ਕਾਰਨ ਮੋਟਰਸਾਈਕਲ ਚਾਲਕ ਸੜਕ ਤੇ ਡਿੱਗਣ ਕਾਰਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਜਿਸਨੂੰ ਫੌਰੀ ਤੌਰ ਤੇ ਚੁੱਕਕੇ ਇਲਾਜ ਲਈ ਸਿਵਲ ਹਸਪਤਾਲ ਬਰਨਾਲਾ ਵਿਖੇ ਭਰਤੀ ਕਰਵਾਇਆ ਜਿੱਥੇ ਕਿ ਡਿਊਟੀ ਤੇ ਤਾਇਨਾਤ ਡਾਕਟਰੀ ਟੀਮ ਵੱਲੋਂ ਉਸ ਨੂੰ ਬਣਦੀ ਮੁੱਢਲੀ ਸਹਾਇਤਾ ਦੇ ਕੇ ਹਾਲਤ ਨੂੰ ਨਾਜ਼ੁਕ ਦੇਖਦਿਆਂ ਵੱਡੇ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਗਿਆ।ਜਿਸ ਤੋਂ ਬਾਅਦ ਉਸ ਨੂੰ ਡੀਐਮਸੀ ਲੁਧਿਆਣਾ ਹਸਪਤਾਲ ਵਿਖੇ ਦਾਖਲ ਕਰਵਾਇਆ ਜਿੱਥੇ ਕਿ ਉਸ ਦੇ ਸੱਟ ਜ਼ਿਆਦਾ ਹੋਣ ਕਰਕੇ ਜ਼ਖਮਾਂ ਦੀ ਤਾਬ ਨਾ ਝੱਲਦਿਆਂ ਉਸ ਨੇ ਦਮ ਤੋੜ ਦਿੱਤਾ। ਉਧਰ ਇਸ ਕੇਸ ਦੀ ਤਫਤੀਸ਼ ਕਰ ਰਹੇ ਥਾਣਾ ਧਨੌਲਾ ਏ ਐਸ ਆਈ ਸੁਖਦੇਵ ਸਿੰਘ ਨੇ ਦੱਸਿਆ ਕਿ ਮਿਰਤਕ ਬਲਵਿੰਦਰ ਸਿੰਘ ਦੀ ਪਤਨੀ ਹਰਦੀਪ ਕੌਰ ਦੇ ਬਿਆਨਾਂ ਦੇ ਆਧਾਰ ਤੇ ਵੱਖ ਵੱਖ ਧਾਰਾਵਾਂ ਤਹਿਤ ਕਾਰ ਚਾਲਕ ਨਰੇਸਪਾਲ ਪੁੱਤਰ ਸੋਹਣ ਲਾਲ ਵਾਸੀ ਸੰਗਰੂਰ ਵਿਰੁੱਧ ਮਾਮਲਾ ਦਰਜ ਕਰਕੇ ਲਾਸ਼ ਦਾ ਪੋਸਟਮਾਰਟਮ ਕਰਵਾਉਣ ਉਪਰੰਤ ਵਾਰਸਾਂ ਹਵਾਲੇ ਕਰ ਦਿੱਤੀ ਅਤੇ ਅਗਲੇਰੀ ਕਾਨੂੰਨੀ ਕਾਰਵਾਈ ਆਰੰਭ ਦਿੱਤੀ।

# ਲੁਧਿਆਣਾ ਵੈਸਟ ਦੀ ਸੀਟ ਆਪ ਸ਼ਾਨਦਾਰ ਨਾਲ ਜਿੱਤੇਗੀ : ਮੰਤਰੀ ਭੁੱਲਰ



ਪੱਟੀ, 8 ਜੂਨ (ਆਵਾਜ਼ਿ ਕੌਮ ਬਿਊਰੋ)- ਪੱਟੀ ਸ਼ਹਿਰ ਤੋ ਵਿਧਾਇਕ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਜੋ ਕੀ ਲੁਧਿਆਣਾ ਵਿਖੇ ਆਪ ਉਮੀਦਵਾਰ ਸੰਜੀਵ ਅਰੋੜਾ ਲਈ ਚੋਣ ਮੈਦਾਨ ਵਿਚ ਲਗਾਤਾਰ ਡਟੇ ਹੋਏ ਹਨ ਅਤੇ ਚੋਣ ਮੀਟਿੰਗਾਂ ਕਰਕੇ ਲੋਕਾਂ ਨੂੰ ਆਮ ਆਦਮੀ ਪਾਰਟੀ ਦੇ ਹੱਕ ਵਿਚ ਫਤਵਾ ਦੇਣ ਲਈ ਲਾਮਬੰਦ ਕਰ ਰਹੇ ਹਨ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਆਪ ਦੀ ਸਮੁੱਚੀ ਲੀਡਰਸ਼ਿਪ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਚੋਣ ਪ੍ਰਚਾਰ ਕਰਕੇ ਸੰਜੀਵ ਅਰੋੜਾ ਦੀ ਜਿੱਤ ਯਕੀਨੀ ਬਣਾ ਰਹੇ ਹਨ। ਇਸ ਮੌਕੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਲੁਧਿਆਣਾ ਵੈਸਟ ਦੀ ਸੀਟ ਸ਼ਾਨਦਾਰ ਨਾਲ ਜਿੱਤੇਗੀ ਉਨ੍ਹਾਂ ਕਿਹਾ ਕਿ ਰਵਾਇਤੀ ਵਿਰੋਧੀ ਪਾਰਟੀਆਂ ਨੂੰ ਲੋਕ ਇੱਕ ਵਾਰ ਫਿਰ ਜਵਾਬ ਦੇਣ ਲਈ ਤਿਆਰ ਹਨ ਅਤੇ ਲੋਕ ਆਪ ਪਾਰਟੀ ਦੇ ਉਮੀਦਵਾਰ ਦੇ ਹੱਕ ਵਿੱਚ ਭੁਗਤਣ ਲਈ 19 ਜੂਨ ਦੇ ਦਿਨ ਦਾ ਬੇਸਬਰੀ ਨਾਲ ਇੰਤਜਾਰ ਕਰ ਰਹੇ ਹਨ। ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਗੇ ਕਿਹਾ ਕਿ ਆਪ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੇ ਕਰੀਬ ਤਿੰਨ ਕੁ ਸਾਲ ਦੇ ਕਾਰਜਕਾਲ ਵਿੱਚ ਹਰੇਕ ਵਰਗ ਦੀ ਭਲਾਈ ਵਿੱਚ ਇਤਿਹਾਸਕ ਫੈਸਲੇ ਲਏ ਹਨ, ਉਨ੍ਹਾਂ ਕਿਹਾ ਕਿ ਆਪ ਪਾਰਟੀ ਦੀਆਂ ਨੀਤੀਆਂ ਤੇ ਸਰਕਾਰ ਵਲੋਂ ਕੀਤੇ ਗਏ ਬੇਮਿਸਾਲ ਵਿਕਾਸ ਕਾਰਜਾਂ ਨੂੰ ਲੈ ਕੇ ਉਹ ਲੋਕਾਂ ਦੀ ਕਚਹਿਰੀ ਵਿੱਚ ਜਾ ਰਹੇ ਹਨ ਅਤੇ ਲੋਕਾਂ ਦੇ ਪਿਆਰ ਸਦਕਾ ਪਾਰਟੀ ਇਹ ਜਿਮਨੀ ਚੋਣ ਜਰੂਰ ਜਿੱਤੇਗੀ। ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਪਿਛਲੇ 3 ਸਾਲਾਂ 'ਚ ਆਪ ਸਰਕਾਰ ਦੀ ਇਤਿਹਾਸਿਕ ਉਪਲਬਧੀਆਂ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਨਸ਼ਾ ਮਾਫੀਆ 'ਤੇ ਸਖਤ ਕਾਰਵਾਈ ਕੀਤੀ ਗਈ ਹੈ। ਗੈਰ-ਕਾਨੂੰਨੀ ਜਾਇਦਾਦਾਂ 'ਤੇ ਬੁਲਡੋਜਰ ਚਲਾਏ ਗਏ ਅਤੇ ਨਸਾ ਮੁਕਤੀ ਯਾਤਰਾ ਵਿੱਚ ਲੋਕ ਨਸ਼ਿਆਂ ਦੇ ਖਿਲਾਫ ਲਾਮਬੰਦ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ 'ਚ ਇਨਕਲਾਬ ਲਿਆਂਦਾ ਹੈ। ਉਨ੍ਹਾਂ ਦੱਸਿਆ ਕਿ 36 ਕਰੋੜ ਰੁਪਏ ਦਾ ਫੰਡ ਜਾਰੀ ਕੀਤਾ ਗਿਆ ਹੈ। ਸਕੂਲ ਆਫ ਐਮੀਨੈਂਸ ਦੀ ਸ਼ੁਰੂਆਤ ਕੀਤੀ ਗਈ ਹੈ ਤੇ 12,700 ਅਧਿਆਪਕ ਪੱਕੇ ਕੀਤੇ ਗਏ। ਸਿੱਖਿਆ ਕਰਾਂਤੀ ਤਹਿਤ ਸਕੂਲਾਂ ਦਾ ਬੁਨਿਆਦੀ ਢਾਂਚਾ ਮਜਬੂਤ ਕੀਤਾ ਗਿਆ ਹੈ।ਕੈਬਨਿਟ ਮੰਤਰੀ ਭੁੱਲਰ ਨੇ ਦੱਸਿਆ ਕਿ ਸੂਬੇ ਅੰਦਰ ਸਿਹਤ ਸੁਧਾਰ ਕਰਦਿਆਂ 900 ਆਮ ਆਦਮੀ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ। 550 ਕਰੋੜ ਰੁਪਏ ਦੀ ਲਾਗਤ ਨਾਲ ਸਰਕਾਰੀ ਹਸਪਤਾਲਾਂ ਦੀ ਅੱਪਗਰੇਡੇਸ਼ਨ ਕੀਤੀ ਗਈ ਹੈ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਹਰੇਕ ਵਰਗ ਦੇ ਹਿੱਤ ਨੂੰ ਮੁੱਖ ਰੱਖਦਿਆਂ ਬਿਜਲੀ 'ਚ ਵੱਡੀ ਰਾਹਤ ਦਿੱਤੀ ਹੈ। ਹਰ ਪਰਿਵਾਰ ਨੂੰ 600 ਯੂਨਿਟ ਮਫਤ ਬਿਜਲੀ ਨਿਰਵਿਘਨ ਮਿਲ ਰਹੀ ਹੈ, ਜਿਸ ਨਾਲ 90% ਘਰਾਂ ਦੇ ਬਿਜਲੀ ਬਿੱਲ ਜੀਰੋ ਹੋ ਗਏ ਹਨ ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਨੇ ਬੇਰੁਜਗਾਰ ਨੌਜਵਾਨਾਂ ਨੂੰ ਰੋਜਗਾਰ ਦੇ ਮੌਕੇ ਮੁਹੱਈਆ ਕਰਵਾਏ ਹਨ।ਇਸ ਮੌਕੇ ਮੀਡੀਆ ਇੰਚਾਰਜ ਅਵਤਾਰ ਸਿੰਘ ਢਿੱਲੋਂ, ਸ਼ੋਸ਼ਲ ਮੀਡੀਆ ਇੰਚਾਰਜ ਮੋਹਿਤ ਅਰੋੜਾ, ਮਲਕੀਤ ਸਿੰਘ ਮੱਲ੍ਹੂ, ਮਨਪ੍ਰੀਤ ਸਿੰਘ ਮੰਨਾ, ਅਜੈਪਾਲ ਸਿੰਘ ਸਮੇਤ ਲੁਧਿਆਣਾ ਵੈਸਟ ਤੋ ਵਡੀ ਗਿਣਤੀ ਵਿੱਚ ਵੋਟਰ ,ਵਰਕਰ ਹਾਜ਼ਰ ਸਨ।

# ਬੰਦੀ ਸਿੰਘਾਂ ਨੂੰ ਰਿਹਾਅ ਨਾ ਕਰਨਾ ਸਿੱਖਾਂ ਦੇ ਮਨੁੱਖੀ ਹੱਕਾਂ ਉੱਤੇ ਡਾਕਾ : ਸਰਬਰਿੰਦਰ ਸਿੰਘ ਯੂ.ਐਸ.ਏ.



**ਅੰਮ੍ਰਿਤਸਰ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਮੈਂਬਰ ਭਾਈ ਸਰਬਰਿੰਦਰ ਸਿੰਘ ਯੂ.ਐਸ.ਏ. ਨੇ ਮੀਡੀਆ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੌਮ ਦਾ ਰਾਜਸੀ ਨਿਸ਼ਾਨਾ 'ਖ਼ਾਲਿਸਤਾਨ' ਮਿੱਥਿਆ ਜਾ ਚੁੱਕਾ ਹੈ ਤੇ ਕੌਮ ਦੇ ਨਿਸ਼ਾਨੇ ਨੂੰ ਬਦਲਦਿਆ ਨਹੀਂ ਜਾ ਸਕਦਾ। ਜਾਗਦੀ ਜ਼ਮੀਰ ਵਾਲ਼ੇ ਸਿੱਖਾਂ ਨੇ ਉਸ ਭਾਰਤੀ ਸਟੇਟ ਨੂੰ ਰੱਦ ਕਰ ਦਿੱਤਾ ਹੈ, ਜਿਸ ਨੇ ਸਾਡਾ ਸਰਵਉੱਚ ਸ੍ਰੀ ਅਕਾਲ ਤਖ਼ਤ ਸਾਹਿਬ ਢਾਹਿਆ ਤੇ ਸਾਡੀ ਬਰਬਾਦੀ 'ਤੇ ਲੱਡੂ ਵੰਡੇ ਤੇ ਭੰਗੜੇ ਪਾ ਕੇ ਖ਼ੁਸ਼ੀਆਂ ਮਨਾਈਆਂ ਸਨ। ਹੁਣ ਪੰਜਾਬ ਦੀ ਰਾਜਨੀਤੀ 'ਚ ਚਾਹੇ ਕਿੰਨੀਆਂ ਵੀ ਤਬਦੀਲੀਆਂ ਆ ਜਾਣ, ਪਰ ਸਾਨੂੰ ਓਨਾ ਚਿਰ ਤਕ ਰੱਜ ਨਹੀਂ ਆਉਣਾ ਜਿੰਨਾ ਚਿਰ ਤਕ ਇਸ ਧਰਤੀ 'ਤੇ ਖ਼ਾਲਸਾ ਰਾਜ (ਖ਼ਾਲਿਸਤਾਨ) ਕਾਇਮ ਨਹੀਂ ਹੋ ਜਾਂਦਾ। ਸਿੱਖਾਂ ਦੀ ਅਜ਼ਾਦੀ ਦੀ ਰੀਝ ਨੂੰ ਕੋਈ ਨਹੀਂ ਮਾਰ ਸਕਦਾ। ਅਸੀਂ ਪ੍ਰਭੂਸੱਤਾ ਸੰਪੰਨ ਅਜ਼ਾਦ ਸਿੱਖ ਰਾਜ ਖ਼ਾਲਿਸਤਾਨ ਦੀ ਪ੍ਰਾਪਤੀ ਲਈ ਸੰਘਰਸ਼ ਕਰਦੇ ਰਹਾਂਗੇ। ਉਹਨਾਂ ਨੇ ਜੂਨ 1984 ਦੇ ਘੱਲੂਘਾਰੇ ਦੇ ਸਮਾਗਮ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਉੱਤੇ ਸਰਦਾਰ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਵਿੱਚ ਇਕੱਤਰ ਹੋਏ ਤੇ ਖਾਲਿਸਤਾਨ ਦੀ ਆਵਾਜ਼ ਬੁਲੰਦ ਕਰਨ ਵਾਲੇ ਨੌਜਵਾਨਾਂ ਦੀ ਸ਼ਲਾਘਾ ਵੀ ਕੀਤੀ। ਉਹਨਾਂ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪੰਜਾਬ ਨੂੰ ਸਿੱਖ ਹੋਮਲੈਂਡ ਕਹਿਣ ਦਾ ਅਸੀਂ ਸਵਾਗਤ ਕਰਦੇ ਹਾਂ। ਉਹਨਾਂ ਕਿਹਾ ਕਿ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ, ਇਹ ਸਿੱਖਾਂ ਦੇ ਮਨੁੱਖੀ ਹੱਕਾਂ ਉਤੇ ਡਾਕਾ ਹੈ।

# ਮਾਨ ਸਰਕਾਰ ਨੇ ਨਹਿਰੀ ਪਾਣੀ ਦੀ ਵਰਤੋਂ ਕਾਰਨ ਜ਼ਮੀਨੀ ਹੇਠਲੇ ਪਾਣੀ ਦਾ ਪੱਧਰ ਉੱਚਾ ਕੀਤਾ : ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਿਛਲੇ ਕਈ ਦਹਾਕਿਆਂ ਤੋਂ ਬੰਦ ਪਈਆਂ ਨਹਿਰਾਂ ਨੂੰ ਬਹਾਲ ਕਰਨ ਨਾਲ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਣ ਲੱਗ ਪਿਆ ਹੈ।ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪਹਿਲਾਂ ਖੇਤਾਂ ਲਈ ਨਹਿਰੀ ਪਾਣੀ 21 ਫ਼ੀਸਦੀ ਵਰਤਿਆ ਜਾਂਦਾ ਸੀ ਜੋ ਹੁਣ 84 ਫ਼ੀਸਦੀ ਵਰਤਿਆ ਜਾਣ ਲੱਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਸਿੰਚਾਈ ਵਿਭਾਗ ਦੇ ਮਾਹਿਰਾਂ ਨੂੰ ਚੱਲ ਰਹੇ ਝੋਨੇ ਦੀ ਬਿਜਾਈ ਦੇ ਸੀਜ਼ਨ ਲਈ ਨਹਿਰੀ ਪਾਣੀ ਦੀ ਸਪਲਾਈ ਵਿੱਚ ਮਹੱਤਵਪੂਰਨ ਵਾਧੇ ਦੀ ਉਮੀਦ ਹੈ, ਜਿਸ ਨਾਲ ਇਸ ਸਾਲ ਔਸਤਨ ਰੋਜ਼ਾਨਾ ਪ੍ਰਵਾਹ 26,000 ਕਿਊਸਿਕ ਤੋਂ ਵੱਧ ਕੇ 36,000 ਕਿਊਸਿਕ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਸਿੰਚਾਈ ਵਿਭਾਗ ਵੱਲੋਂ ਵਾਧੂ 10,000 ਕਿਊਸਿਕ ਨਹਿਰੀ ਪਾਣੀ ਨਾਲ ਲਗਭਗ 1.25 ਲੱਖ ਟਿਊਬਵੈੱਲਾਂ ਦੁਆਰਾ ਕੱਢੇ ਗਏ ਭੂਮੀਗਤ ਪਾਣੀ ਨੂੰ ਬਚਾਉਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਵਰਤਮਾਨ ਸਮੇਂ ਵਿੱਚ ਰਾਜ ਦੀ 42 ਲੱਖ ਹੈਕਟੇਅਰ ਖੇਤੀਬਾੜੀ ਜ਼ਮੀਨ ਵਿੱਚੋਂ ਲਗਭਗ 31.38 ਲੱਖ ਹੈਕਟੇਅਰ ਨਹਿਰਾਂ ਦੁਆਰਾ ਸਿੰਜਾਈ ਕੀਤੀ ਜਾਂਦੀ ਹੈ। ਉਨਾ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਨਹਿਰੀ ਪਾਣੀ ਦੀ ਸਪਲਾਈ ਲਈ ਜੋ ਉਪਰਾਲੇ ਕੀਤੇ ਗਏ ਹਨ ਉਹ ਲਾਮਿਸਾਲ ਹਨ। ਸ. ਮਾਨ ਨੇ ਨਹਿਰੀ ਪਾਣੀ ਨੂੰ ਟੇਲਾਂ ਤੱਕ ਪਹੁੰਚਾ ਕੇ ਕਿਸਾਨੀ ਨੂੰ ਬਹੁਤ ਵੱਡਾ ਲਾਭ ਪਹੁੰਚਾਇਆ ਹੈ। ਉਨਾਂ ਕਿਹਾ ਕਿ ਚਾਹੇ ਸੂਬੇ ਵਿੱਚ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਦੀ ਗੱਲ ਹੋਵੇ ਜਾਂ ਹਰਿਆਣਾ ਨੂੰ ਪੰਜਾਬ ਦਾ ਵਾਧੂ ਪਾਣੀ ਜਾਣ ਤੋਂ ਰੋਕਣ ਦਾ ਮਸਲਾ ਹੋਵੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਪਾਣੀਆਂ ਦੇ ਅਸਲ ਰਾਖੇ ਦੀ ਭੂਮਿਕਾ ਨਿਭਾਈ ਹੈ।ਇਸ ਮੌਕੇ ਆਪ ਆਗੂ ਭਿੰਦਾ ਵਿਰਕ, ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ, ਆਪ ਆਗੂ ਜੰਗ ਧੂਰੀ, ਆਪ ਆਗੂ ਰਾਜੂ ਲੱਡਾ, ਰਾਜੂ ਦੋਰਾਹਾ, ਜੈਲਦਾਰ ਮਨਪ੍ਰੀਤ ਸਿੰਘ , ਗੋਲਡੀ ਗੋਬਿੰਦਗੜ੍ਹ ਹਾਜ਼ਰ ਸਨ।

# ਧੰਨ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੁਸਾਇਟੀ ਦੇ ਮੁੱਖੀ ਭਾਈ ਮਨਜੀਤ ਸਿੰਘ ਨੇ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ



**ਚੌਕ ਮਹਿਤਾ 11 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ(ਪੰਜਾਬ) ਦੇ ਮੁੱਖ ਸੇਵਾਦਾਰ ਭਾਈ ਮਨਜੀਤ ਸਿੰਘ ,ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਦੀ ਟੀਮ ਪ੍ਰਧਾਨ ਹਰਵਿੰਦਰ ਸਿੰਘ ਫੌਜੀ, ਸਰਪੰਚ ਹਰਜੀਤ ਸਿੰਘ ਵਡਾਲਾ ਜੌਹਲ, ਜਥੇਦਾਰ ਕਰਤਾਰ ਸਿੰਘ,ਸਤਨਾਮ ਸਿੰਘ ,ਜਸਦੀਪ ਸਿੰਘ ਆਦਿ ਸਮੁੱਚੀ ਟੀਮ ਪਿੰਡ ਨੰਗਲ ਗੁਰੂ ਪਹੁਚੇ ਤੇ ਸ੍ਰ ਜੈਮਲ ਸਿੰਘ ਜੀ ਨੇ ਸੰਗਤ ਦੇ ਰੂਬਰੂ ਹੋਣ ਦਾ ਮੌਕਾ ਦਿੱਤਾ ।ਸ੍ਰ ਜੈਮਲ ਸਿੰਘ ਜੀ ਨੇ ਸੁਸਾਇਟੀ ਸੁਸਾਇਟੀ ਦੇ ਸਮਾਜਿਕ ਕਾਰਜਾਂ ਬਾਰੇ ਸੰਗਤ ਨਾਲ ਜਾਣਕਾਰੀਆ ਸਾਂਝੀਆਂ ਕੀਤੀਆ ।ਤੇ ਸਮੂਹ ਸੰਗਤ ਨੂੰ ਸੁਸਾਇਟੀ ਦਾ ਸਾਥ ਦੇਣ ਦੀ ਅਪੀਲ ਕੀਤੀ । ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਮਨਜੀਤ ਸਿੰਘ ਜੀ ਨੇ ਸਾਰੀ ਸੰਗਤ ਦਾ ਬਹੁਤ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਬਾਣੀ ਲੜੀਵਾਰ ਕਥਾ ਵਿਆਖਿਆ ਦੀ ਹਾਜ਼ਰੀ ਭਰੀ
















ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ ਅੱਜ ਗੁਰਬਾਣੀ ਲੜੀਵਾਰ ਕਥਾ ਵਿਆਖਿਆ ਦੀ ਹਾਜਰੀ ਭਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ..ਹਾਜ਼ਰ ਸਿੱਖ ਸੰਗਤਾਂ



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243